SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 48 | Thursday, March 07, 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਬੈਂਕ ਆਫ ਕੈਨੇਡਾ ਹੁਣ ਆਪਣੀਆਂ ਵਿਆਜ਼ ਦਰਾਂ ਵਿੱਚ ਕਟੌਤੀ ਕਰਨੀ ਸ਼ੁਰੂ ਕਰੇ : ਫੋਰਡ

ਓਨਟਾਰੀਓ, 6 ਮਾਰਚ (ਪੋਸਟ ਬਿਊਰੋ) : ਬੈਂਕ ਆਫ ਕੈਨੇਡਾ ਵੱਲੋਂ ਵਿਆਜ਼ ਦਰਾਂ ਸਬੰਧੀ ਕੀਤੇ ਜਾਣ ਵਾਲੇ ਐਲਾਨ ਤੋਂ ਇੱਕ ਦਿਨ ਪਹਿਲਾਂ ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਨੇ ਆਖਿਆ ਕਿ ਲੋਕਾਂ ਨੂੰ ਉੱਚੀਆਂ ਵਿਆਜ਼ ਦਰਾਂ ਤੋਂ ਰਾਹਤ ਚਾਹੀਦੀ ਹੈ।

ਐਕਸ ਉੱਤੇ ਸਾਂਝੀ ਕੀਤੀ ਗਈ ਇੱਕ ਪੋਸਟ ਵਿੱਚ ਫੋਰਡ ਨੇ ਆਖਿਆ ਕਿ ਲੋਕ ਕਾਫੀ ਮੁਸ਼ਕਲ ਵੇਲੇ ਵਿੱਚੋਂ ਲੰਘ ਰਹੇ ਹਨ। ਹੁਣ ਸਮਾਂ ਆ ਗਿਆ ਹੈ ਕਿ ਬੈਂਕ ਆਫ ਕੈਨੇਡਾ ਆਪਣੀਆਂ ਵਿਆਜ਼ ਦਰਾਂ ਘਟਾਉਣੀਆਂ ਸ਼ੁਰੂ ਕਰੇ। ਬੁੱਧਵਾਰ ਸਵੇਰੇ ਬੈਂਕ ਆਫ ਕੈਨੇਡਾ ਵੱਲੋਂ ਵਿਆਜ਼ ਦਰਾਂ ਦੇ ਸਬੰਧ ਵਿੱਚ ਐਲਾਨ ਕੀਤਾ ਜਾਣਾ ਹੈ ਤੇ ਇਹ ਕਿਆਫੇ ਵੀ ਲਾਏ ਜਾ ਰਹੇ ਹਨ ਕਿ ਬੈਂਕ ਆਪਣੀਆਂ ਵਿਆਜ਼ ਦਰਾਂ ਪੰਜ ਫੀ ਸਦੀ ਉੱਤੇ ਹੀ ਬਰਕਰਾਰ ਰੱਖੇਗਾ।



ਕੁੱਝ ਅਰਥਸ਼ਾਸਤਰੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਬੈਂਕ ਆਫ ਕੈਨੇਡਾ ਸਾਲ ਦੇ ਅੱਧ ਤੋਂ ਵਿਆਜ਼ ਦਰਾਂ ਵਿੱਚ ਕਟੌਤੀ ਕਰਨੀ ਸ਼ੁਰੂ ਕਰੇਗਾ। ਬੈਂਕ ਆਫ ਕੈਨੇਡਾ ਵੱਲੋਂ ਮਾਰਚ 2022 ਤੋਂ ਲੈ ਕੇ ਹੁਣ ਤੱਕ 10 ਵਾਰੀ ਆਪਣੀਆਂ ਵਿਆਜ਼ ਦਰਾਂ ਵਿੱਚ ਵਾਧਾ ਕੀਤਾ ਜਾ ਚੁੱਕਿਆ ਹੈ। ਅਜਿਹਾ ਮਹਿੰਗਾਈ ਨੂੰ ਕਾਬੂ ਵਿੱਚ ਕਰਨ ਤੇ ਅਰਥਚਾਰੇ ਨੂੰ ਲੀਹ ਉੱਤੇ ਲਿਆਉਣ ਲਈ ਕੀਤਾ ਗਿਆ।

## ਬੈਂਕ ਆਫ ਕੈਨੇਡਾ ਨੇ ਵਿਆਜ਼ ਦਰਾਂ 5 ਫੀ ਸਦੀ ਉੱਤੇ ਹੀ ਰੱਖਣ ਦਾ ਕੀਤਾ ਐਲਾਨ

ਓਟਵਾ, 6 ਮਾਰਚ (ਪੋਸਟ ਬਿਊਰੋ) : ਬੈਂਕ ਆਫ ਕੈਨੇਡਾ ਨੇ ਵਿਆਜ਼ ਦਰਾਂ ਨੂੰ ਇੱਕ ਵਾਰੀ ਫਿਰ 5 ਫੀ ਸਦੀ ਉੱਤੇ ਹੀ ਰੱਖਣ ਦਾ ਐਲਾਨ ਕੀਤਾ ਹੈ। ਇਸ ਦੇ ਨਾਲ ਹੀ ਇਨ੍ਹਾਂ ਵਿਆਜ਼ ਦਰਾਂ ਵਿੱਚ ਕਟੌਤੀ ਕਰਨ ਦੀਆਂ ਮੰਗਾਂ ਨੂੰ ਬੈਂਕ ਨੇ ਦਰਕਿਨਾਰ ਕਰ ਦਿੱਤਾ। ਬੈਂਕ ਨੇ ਇਹ ਵੀ ਆਖਿਆ ਹੈ ਕਿ ਅਜੇ ਵੀ ਮਹਿੰਗਾਈ ਐਨੀ ਜ਼ਿਆਦਾ ਹੈ ਕਿ ਵਿਆਜ਼ ਦਰਾਂ ਘਟਾਉਣ ਬਾਰੇ ਸੋਚਿਆ ਵੀ ਨਹੀਂ ਜਾ ਸਕਦਾ।



ਬੁੱਧਵਾਰ ਨੂੰ ਵਿਆਜ਼ ਦਰਾਂ ਬਾਰੇ ਕੀਤੇ ਐਲਾਨ ਤੋਂ ਬਾਅਦ ਨਿਊਜ਼ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਗਵਰਨਰ ਟਿੱਫ ਮੈਕਲਮ ਨੇ ਸਵੀਕਾਰ ਕੀਤਾ ਕਿ ਮਹਿੰਗਾਈ ਵਿੱਚ ਲਗਾਤਾਰ ਕਮੀ ਆ ਰਹੀ ਹੈ ਤੇ ਅਰਥਚਾਰਾ ਕਮਜ਼ੋਰ ਹੋ ਰਿਹਾ ਹੈ। ਪਰ ਉਨ੍ਹਾਂ ਆਖਿਆ ਕਿ ਕੀਮਤਾਂ ਸਬੰਧੀ ਜਿਹੜਾ ਗੁੱਝਾ ਦਬਾਅ ਹੈ ਉਹ ਕਾਫੀ ਜ਼ਿਆਦਾ ਹੈ ਇਸੇ ਲਈ ਉਹ ਕਿਸੇ ਕਿਸਮ ਦਾ ਰਿਸਕ ਹਾਲ ਦੀ ਘੜੀ ਨਹੀਂ ਲੈਣਾ ਚਾਹੁੰਦੇ।

ਹਾਲਾਂਕਿ ਬੁੱਧਵਾਰ ਨੂੰ ਬੈਂਕ ਵੱਲੋਂ ਆਏ ਇਸ ਫੈਸਲੇ ਦੀ ਸਾਰਿਆਂ ਨੂੰ ਕੋਈ ਬਹੁਤੀ ਹੈਰਾਨੀ ਨਹੀਂ ਹੋਈ ਪਰ ਕੁੱਝ ਅਰਥਸ਼ਾਸਤਰੀਆਂ ਦਾ ਮੰਨਣਾ ਹੈ ਕਿ ਵਿਆਜ਼ ਦਰਾਂ ਵਿੱਚ ਪਹਿਲੀ ਕਟੌਤੀ ਜੂਨ ਵਿੱਚ ਹੋਵੇਗੀ। ਇਨ੍ਹਾਂ ਅਰਥਸ਼ਾਸਤਰੀਆਂ ਦਾ ਮੰਨਣਾ ਹੈ ਕਿ ਦਹਾਕੇ ਤੋਂ ਉੱਚੀਆਂ ਚੱਲ ਰਹੀਆਂ ਵਿਆਜ਼ ਦਰਾਂ ਕਾਰਨ ਕੈਨੇਡੀਅਨ ਅਰਥਚਾਰਾ ਹੋਰ ਕਮਜ਼ੋਰ ਪਵੇਗਾ।

## ਅਮਰੀਕਾ ਵਿਚ ਤੇਜ਼ ਹਵਾਵਾਂ ਕਾਰਨ ਸੜਕਾਂ 'ਤੇ 10 ਫੁੱਟ ਉੱਚੇ ਲੱਗੇ ਸੁੱਕੇ ਘਾਹ-ਫੂਸ ਦੇ ਢੇਰ, ਲੋਕ ਪ੍ਰੇਸ਼ਾਨ



ਦੱਖਣੀ ਜਾਰਡਨ, 6 ਮਾਰਚ (ਪੋਸਟ ਬਿਊਰੋ): ਅਮਰੀਕਾ ਦੇ ਸੂਬੇ ਉਟਾਹ 'ਚ ਮੌਸਮ ਦਾ ਕਹਿਰ ਜਾਰੀ ਹੈ। ਤੇਜ਼ ਹਵਾਵਾਂ ਰੁਕਣ ਦਾ ਕੋਈ ਸੰਕੇਤ ਨਹੀਂ ਦਿਸ ਰਿਹਾ। ਇਸ ਕਾਰਨ ਐਤਵਾਰ ਨੂੰ ਦੱਖਣੀ ਜਾਰਡਨ ਸ਼ਹਿਰ ਦੀਆਂ ਸੜਕਾਂ 'ਤੇ ਵੱਡੀ ਗਿਣਤੀ 'ਚ ਸੁੱਕੇ ਪੌਦੇ ਅਤੇ ਘਾਹ-ਫੂਸ ਸੜਕਾਂ 'ਤੇ ਨਜ਼ਰ ਆਇਆ। ਪੌਦਿਆਂ ਕਾਰਨ ਸੜਕਾਂ ਜਾਮ ਹੋ ਗਈਆਂ। ਕਈ ਥਾਵਾਂ 'ਤੇ ਪੌਦਿਆਂ ਦੇ ਢੇਰ 10 ਫੁੱਟ ਉੱਚੇ ਸਨ। ਤਿੱਖੇ ਬੂਟਿਆਂ ਨਾਲ ਟਕਰਾਉਣ ਕਾਰਨ ਲੋਕ ਜ਼ਖ਼ਮੀ ਵੀ ਹੋ ਗਏ। ਇਸ ਦੇ ਚਲਦੇ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ।

## ਅਮਰੀਕੀ ਰਾਸ਼ਟਰਪਤੀ ਉਮੀਦਵਾਰ ਚੋਣਾਂ ਵਿਚ ਭਾਰਤੀ ਮੂਲ ਦੀ ਨਿੱਕੀ 14 ਰਾਜਾਂ ਵਿੱਚ ਹਾਰੇ



ਵਾਸ਼ਿੰਗਟਨ, 6 ਮਾਰਚ (ਪੋਸਟ ਬਿਊਰੋ): ਅਮਰੀਕਾ ਵਿੱਚ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ ਦੀ ਚੋਣ ਹੋ ਰਹੀ ਹੈ। ਇਸ ਚੋਣ ਪ੍ਰਕਿਰਿਆ ਵਿੱਚ ਇੱਕ ਸ਼ਬਦ ਵਰਤਿਆ ਜਾਂਦਾ ਹੈ - ਸੁਪਰ ਟਿਊਜ਼ਡੇਅ। ਇਸ ਵਿੱਚ ਭਾਰਤੀ ਸਮੇਂ ਅਨੁਸਾਰ ਅੱਜ 15 ਰਾਜਾਂ ਵਿੱਚ ਵੋਟਿੰਗ ਹੋਈ। ਨਿਊਯਾਰਕ ਟਾਈਮਜ਼ ਮੁਤਾਬਕ ਰਿਪਬਲਿਕਨ ਪਾਰਟੀ ਦੇ ਡੋਨਾਲਡ ਟਰੰਪ ਨੇ ਭਾਰਤੀ ਮੂਲ ਦੀ ਨਿੱਕੀ ਹੈਲੀ ਨੂੰ ਹਰਕੇ 14 ਸੂਬਿਆਂ 'ਚ ਜਿੱਤ ਹਾਸਿਲ ਕੀਤੀ ਹੈ। ਇਸ ਦੇ ਨਾਲ ਹੀ ਡੈਮੋਕ੍ਰੇਟਿਕ ਪਾਰਟੀ ਦੇ ਬਿਡੇਨ ਨੇ ਸਾਰੇ 15 ਸੂਬਿਆਂ 'ਚ ਜਿੱਤ ਹਾਸਿਲ ਕੀਤੀ ਹੈ।

ਇੱਥੇ, ਬਿਡੇਨ ਦਾ ਕਹਿਣਾ ਹੈ ਕਿ ਜੇਕਰ ਟਰੰਪ ਜਿੱਤ ਜਾਂਦੇ ਹਨ, ਤਾਂ ਉਹ ਅਮਰੀਕਾ ਨੂੰ ਹਨੇਰੇ ਅਤੇ ਹਿੰਸਾ ਵਿੱਚ ਧੱਕ ਦੇਣਗੇ।

ਡੋਨਾਲਡ ਟਰੰਪ ਨੇ ਭਾਰਤੀ ਮੂਲ ਦੀ ਨਿੱਕੀ ਹੇਲੀ ਨੂੰ ਹਰਾਉਣ ਤੋਂ ਬਾਅਦ ਖੁਸ਼ੀ ਜ਼ਾਹਿਰ ਕੀਤੀ ਹੈ। ਮਾਰ-ਏ-ਲਾਗੋ ਵਿੱਚ ਆਪਣੇ ਰਿਜ਼ੋਰਟ ਵਿੱਚ, ਉਨ੍ਹਾਂ ਨੇ ਸੁਪਰ ਟਿਊਜ਼ਡੇਅ ਨੂੰ ਅਮਰੀਕਾ ਲਈ ਇੱਕ ਇਤਿਹਾਸਕ ਦਿਨ ਕਿਹਾ। ਟਰੰਪ ਨੇ ਆਪਣੀ ਜਿੱਤ 'ਤੇ ਰਿਜ਼ੋਰਟ 'ਚ ਪਾਰਟੀ ਦਾ ਆਯੋਜਨ ਵੀ ਕੀਤਾ। ਬਿਡੇਨ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਕਿਹਾ ਕਿ ਦੇਸ਼ ਨੂੰ ਬਚਾਉਣ ਲਈ ਉਨ੍ਹਾਂ ਨੂੰ ਇਹ ਚੋਣ ਕਿਸੇ ਵੀ ਕੀਮਤ 'ਤੇ ਜਿੱਤਣੀ ਪਵੇਗੀ।

## ਇਟੋਬੀਕੋ ਵਿੱਚ ਕਤਲ ਕੀਤੇ ਗਏ ਵਿਅਕਤੀ ਦੀ ਸ਼ਨਾਖ਼ਤ ਬੀਸੀ ਦੇ ਪੰਜਾਬੀ ਵਿਅਕਤੀ ਵਜੋਂ ਹੋਈ

ਇਟੋਬੀਕੋ, 6 ਮਾਰਚ (ਪੋਸਟ ਬਿਊਰੋ) : ਪਿਛਲੇ ਵੀਕੈਂਡ ਇਟੋਬੀਕੋ ਦੀ ਰਿਹਾਇਸ਼ੀ ਇਮਾਰਤ ਦੇ ਬਾਹਰ ਗੋਲੀ ਮਾਰ ਕੇ ਮਾਰੇ ਗਏ ਵਿਅਕਤੀ ਦੀ ਪਛਾਣ ਬ੍ਰਿਟਿਸ਼ ਕੋਲੰਬੀਆ ਦੇ 25 ਸਾਲਾ ਪੰਜਾਬੀ ਵਿਅਕਤੀ ਜਸਮੀਤ ਬਦੇਸ਼ਾ ਵਜੋਂ ਹੋਈ ਹੈ।

4 ਮਾਰਚ, ਦਿਨ ਐਤਵਾਰ ਨੂੰ ਰਾਤੀਂ 11:30 ਵਜੇ ਦੇ ਨੇੜੇ ਤੇੜੇ ਐਮਰਜੰਸੀ ਅਮਲੇ ਨੂੰ ਰੈਕਸਡੇਲ ਬੁਲੇਵਾਰਡ ਤੇ ਇਸਲਿੰਗਟਨ ਐਵਨਿਊ ਨੇੜੇ ਬਰਗਾਮੋਟ ਐਵਨਿਊ ਦੀ ਰਿਹਾਇਸ਼ੀ ਇਮਾਰਤ ਵਿੱਚ ਸੱਦਿਆ ਗਿਆ। ਇਸ ਰਿਹਾਇਸ਼ੀ ਬਿਲਡਿੰਗ ਦੇ ਬਾਹਰ ਪਾਰਕਿੰਗ ਲੌਟ ਵਿੱਚ ਪੈਰਾਮੈਡਿਕਸ ਨੇ ਇੱਕ ਵਿਅਕਤੀ ਦਾ ਮੁਆਇਨਾ ਕੀਤਾ ਪਰ ਕਿਸੇ ਨੂੰ ਵੀ ਹਸਪਤਾਲ ਨਹੀਂ ਲਿਜ-ਾਇਆ ਗਿਆ। ਪੁਲਿਸ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਇੱਕ ਵਿਅਕਤੀ, ਜੋ ਕਿ ਆਪ੍ਰਣੇ 20ਵਿਆਂ ਵਿੱਚ ਸੀ, ਦੀ ਮੌਤ ਹੋ ਚੁੱਕੀ ਹੈ।



ਬੁੱਧਵਾਰ ਨੂੰ ਮ੍ਰਿਤਕ ਦੀ ਪਛਾਣ ਮਿਸ਼ਨ, ਬੀਸੀ ਦੇ 25 ਸਾਲਾ ਦੇ ਜਸਮੀਤ ਬਦੇਸ਼ਾ ਵਜੋਂ ਕੀਤੀ ਗਈ। ਉਸ ਦੀ ਤਸਵੀਰ ਵੀ ਜਾਰੀ ਕੀਤੀ ਗਈ ਹੈ। ਕਿਸੇ ਮਸ਼ਕੂਕ ਦੇ ਸਬੰਧ ਵਿੱਚ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ। ਪੁਲਿਸ ਨੇ ਦੱਸਿਆ ਕਿ ਬਿਲਡਿੰਗ ਦੇ ਨੇੜੇ ਹਾਦਸਾਗ੍ਰਸਤ ਹੋਈ ਲਾਲ ਰੰਗ ਦੀ ਗੱਡੀ ਦੀ ਵੀ ਜਾਂਚ ਕੀਤੀ ਜਾ ਰਹੀ ਹੈ।

## ਤਾਈਵਾਨੀ ਮੰਤਰੀ ਨੇ ਭਾਰਤੀਆਂ 'ਤੇ ਕੀਤੀ ਨਸਲਵਾਦੀ ਟਿੱਪਣੀ, ਭਾਰਤ ਦੇ ਇਤਰਾਜ਼ ਤੋਂ ਬਾਅਦ ਮੰਗੀ ਮੁਆਫ਼ੀ

ਤਾਈਪੇ, 6 ਮਾਰਚ (ਪੋਸਟ ਬਿਊਰੋ): ਤਾਈਵਾਨ ਨੇ ਭਾਰਤੀਆਂ ਖਿਲਾਫ ਕੀਤੀ ਗਈ ਨਸਲੀ ਟਿੱਪਣੀ ਲਈ ਮੁਆਫੀ ਮੰਗੀ ਹੈ। ਦਰਅਸਲ, ਤਾਈਵਾਨ ਦੇ ਲੇਬਰ ਮੰਤਰੀ ਜੂ ਮਿੰਗ ਚੁਨ ਨੇ 4 ਮਾਰਚ ਨੂੰ ਭਾਰਤ ਨਾਲ ਹੋਏ ਲੇਬਰ ਸਮਝੌਤੇ 'ਤੇ ਚਰਚਾ ਕਰਦੇ ਹੋਏ ਕਿਹਾ ਸੀ ਕਿ ਤਾਈਵਾਨ ਭਾਰਤ ਦੇ ਉੱਤਰ-ਪੂਰਬ ਤੋਂ ਆਏ ਈਸਾਈ ਕਾਮਿਆਂ ਨੂੰ ਪਹਿਲ ਦੇਵੇਗਾ, ਕਿਉਂਕਿ ਉਨ੍ਹਾਂ ਦੀ ਦਿੱਖ ਅਤੇ ਖਾਣ-ਪੀਣ ਦੀਆਂ ਆਦਤਾਂ ਤਾਈਵਾਨੀ ਲੋਕਾਂ ਸਮਾਨ ਹਨ।

ਭਾਰਤ ਨੇ ਮੰਤਰੀ ਦੀ ਇਸ ਟਿੱਪਣੀ ਨੂੰ ਨਸਲਵਾਦੀ ਦੱਸ ਕੇ ਵਿਰੋਧ ਜਤਾਇਆ ਸੀ। ਇਸ ਤੋਂ ਬਾਅਦ ਅੱਜ ਤਾਈਵਾਨ ਨੇ ਕਿਹਾ ਕਿ ਮੰਤਰੀ ਦੀ ਟਿੱਪਣੀ ਅਫਸੋਸਜਨਕ ਹੈ। ਤਾਈਵਾਨ ਕਿਸੇ ਵੀ ਪ੍ਰਵਾਸੀ ਮਜ਼ਦੂਰ ਜਾਂ ਪੇਸ਼ੇਵਰ ਨਾਲ ਉਨ੍ਹਾਂ ਦੀ ਦਿੱਖ, ਨਸਲ, ਧਰਮ, ਭਾਸ਼ਾ ਜਾਂ ਖਾਣ-ਪੀਣ ਦੀਆਂ ਆਦਤਾਂ ਦੇ ਆਧਾਰ 'ਤੇ ਵਿਤਕਰਾ ਨਹੀਂ ਕਰਦਾ। ਅਸੀਂ ਭਾਰਤ ਸਰਕਾਰ ਨੂੰ ਭਰੋਸਾ ਦਿਵਾਉਂਦੇ ਹਾਂ ਕਿ ਤਾਈਵਾਨ ਵਿੱਚ ਸਾਰੇ ਭਾਰਤੀਆਂ ਨਾਲ ਨਿਰਪੱਖ ਵਿਵਹਾਰ ਕੀਤਾ ਜਾਵੇਗਾ।



ਲੇਬਰ ਮੰਤਰੀ ਜੂ ਮਿੰਗ ਚੁਨ ਤੋਂ ਪੁੱਛਿਆ ਗਿਆ ਕਿ ਭਾਰਤ ਨਾਲ ਮਜ਼ਦੂਰਾਂ ਦੇ ਸਮਝੌਤੇ ਬਾਰੇ ਉਨ੍ਹਾਂ ਦੀ ਕੀ ਰਾਏ ਹੈ ਅਤੇ ਇਸ ਨੂੰ ਕਿਵੇਂ ਲਾਗੂ ਕੀਤਾ ਜਾਵੇਗਾ? ਇਹ ਵੀ ਪੁੱਛਿਆ ਗਿਆ ਸੀ ਕਿ ਭਾਰਤ ਅਤੇ ਤਾਈਵਾਨ ਵਿਚਾਲੇ ਸੱਭਿਆਚਾਰਕ ਪਾੜੇ ਦਾ ਇਸ ਨਾਲ ਕੀ ਪ੍ਰਭਾਵ ਪਵੇਗਾ?

ਇਸ ਦੇ ਜਵਾਬ ਵਿੱਚ ਚੁਨ ਨੇ ਕਿਹਾ ਕਿ ਉੱਤਰ-ਪੂਰਬੀ ਭਾਰਤ ਦੇ ਲੋਕਾਂ ਦਾ ਰੰਗ ਅਤੇ ਖਾਣ-ਪੀਣ ਦੀਆਂ ਆਦਤਾਂ ਸਾਡੇ ਵਰਗੀਆਂ ਹਨ। ਉਹ ਈਸਾਈ ਧਰਮ ਵਿੱਚ ਵਧੇਰੇ ਵਿਸ਼ਵਾਸ ਕਰਦੇ ਹਨ। ਉਹ ਆਪਣੇ ਕੰਮ ਵਿਚ ਵੀ ਨਿਪੁੰਨ ਹਨ। ਇਸ ਲਈ ਪਹਿਲਾਂ ਉੱਤਰ ਪੂਰਬ ਦੇ ਕਾਮਿਆਂ ਦੀ ਭਰਤੀ ਕੀਤੀ ਜਾਵੇਗੀ।

## ਛੁਰੇਬਾਜ਼ੀ ਵਿੱਚ ਮਹਿਲਾ ਦੀ ਹੋਈ ਮੌਤ, ਇੱਕ ਵਿਅਕਤੀ ਹਿਰਾਸਤ ਵਿੱਚ

ਵਾਅਨ, 6 ਮਾਰਚ (ਪੋਸਟ ਬਿਊਰੋ) : ਵਾਅਨ ਦੇ ਘਰ ਵਿੱਚ ਰਾਤ ਸਮੇਂ ਹੋਈ ਛੁਰੇਬਾਜ਼ੀ ਵਿੱਚ ਇੱਕ ਮਹਿਲਾ ਦੀ ਮੌਤ ਹੋ ਗਈ ਜਦਕਿ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

ਯੌਰਕ ਰੀਜਨਲ ਪੁਲਿਸ ਦਾ ਕਹਿਣਾ ਹੈ ਕਿ ਬੁੱਧਵਾਰ ਨੂੰ ਰਾਤੀਂ 12:25 ਵਜੇ ਦੇ ਨੇੜੇ ਤੇੜੇ ਉਨ੍ਹਾਂ ਨੂੰ ਹਾਈਵੇਅ 27 ਦੇ ਮਾਰਟਿਨ ਗਰੂਵ ਰੋਡ ਨੇੜੇ ਇਸਾ ਕੋਰਟ ਉੱਤੇ ਸਥਿਤ ਇੱਕ ਸੈਮੀ ਡਿਟੈਚਡ ਘਰ ਵਿੱਚ ਸੱਦਿਆ ਗਿਆ। ਮੌਕੇ ਉੱਤੇ ਪਹੁੰਚੀ ਪੁਲਿਸ ਨੂੰ ਇੱਕ ਮਹਿਲਾ, ਜੋ ਕਿ ਆਪਣੇ 60ਵਿਆਂ ਵਿੱਚ ਸੀ, ਜ਼ਖ਼ਮੀ ਹਾਲਤ ਵਿੱਚ ਮਿਲੀ। ਉਸ ਉੱਤੇ ਚਾਕੂ ਨਾਲ ਕਈ ਵਾਰ ਕੀਤੇ ਗਏ ਸਨ। ਉਸ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ।



ਇਸ ਦੌਰਾਨ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਗੁਆਂਢੀਆਂ ਨੇ ਦੱਸਿਆ ਕਿ ਇਹ ਜੋੜਾ ਪਿਛਲੇ 15 ਸਾਲਾਂ ਤੋਂ ਇਸ ਘਰ ਵਿੱਚ ਰਹਿੰਦਾ ਸੀ ਤੇ ਮਾਰੀ ਗਈ ਮਹਿਲਾ ਅਧਿਆਪਕਾ ਵਜੋਂ ਪੜ੍ਹਾਉਂਦੀ ਸੀ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਹੈਮਿਲਟਨ 'ਚ 19 ਸਾਲਾ ਵਿਅਕਤੀ ਦਾ ਗੋਲੀ ਮਾਰ ਕੇ ਕਤਲ

ਹੈਮਿਲਟਨ, 6 ਮਾਰਚ (ਪੋਸਟ ਬਿਊਰੋ) : ਬੁੱਧਵਾਰ ਦੁਪਹਿਰ ਨੂੰ ਡਾਊਨਟਾਊਨ ਹੈਮਿਲਟਨ ਵਿੱਚ ਇੱਕ 19 ਸਾਲਾ ਲੜਕੇ ਦਾ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ। ਡਿਟੈਕਟਿਵਜ਼ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਸ਼ੂਟਿੰਗ ਦੀਆਂ ਖਬਰਾਂ ਮਿਲਣ ਤੋਂ ਬਾਅਦ ਬੁੱਧਵਾਰ ਨੂੰ ਦੁਪਹਿਰੇ 1:00 ਵਜੇ ਤੋਂ ਪਹਿਲਾਂ ਪੁਲਿਸ ਅਧਿਕਾਰੀ ਮੈਕਨੈਬ ਸਟਰੀਟ ਸਾਊਥ ਨੇੜੇ 119 ਕਿੰਗ ਸਟਰੀਟ ਵੈਸਟ ਪਹੁੰਚੇ। ਮੌਕੇ ਉੱਤੇ ਉਨ੍ਹਾਂ ਨੂੰ ਇੱਕ ਵਿਅਕਤੀ ਗੋਲੀਆਂ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਬਾਅਦ ਵਿੱਚ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ ਗਿਆ। ਵਿਅਕਤੀ ਦੀ ਪਛਾਣ ਜਨਤਕ ਤੌਰ ਉੱਤੇ ਜ਼ਾਹਰ ਨਹੀਂ ਕੀਤੀ ਗਈ ਹੈ।



ਜਾਂਚਕਾਰਾਂ ਨੇ ਦੱਸਿਆ ਕਿ ਮਸ਼ਕੂਕਾਂ ਨੂੰ ਮੌਕੇ ਤੋਂ ਫਰਾਰ ਹੁੰਦਿਆਂ ਵੇਖਿਆ ਗਿਆ ਪਰ ਅਜੇ ਤੱਕ ਕਿਸੇ ਮਸ਼ਕੂਕ ਜਾਂ ਗੱਡੀ ਦਾ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ। ਹੈਮਿਲਟਨ ਪੁਲਿਸ ਵੱਲੋਂ ਜਾਰੀ ਕੀਤੀ ਗਈ ਰਲੀਜ਼ ਵਿੱਚ ਇਹ ਆਖਿਆ ਗਿਆ ਕਿ ਜਾਂਚਕਾਰਾਂ ਵੱਲੋਂ ਇਸ ਨੂੰ ਸੋਚਸਮਝ ਕੇ ਕੀਤੀ ਗਈ ਸ਼ੂਟਿੰਗ ਮੰਨ ਕੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਚੀਨ ਦੀ ਸਰਕਾਰ ਨੇ ਘੱਟ ਬੱਚਿਆਂ ਦੇ ਜਨਮ ਨੂੰ ਲੈ ਕੇ ਇਹ ਵੱਡਾ ਐਲਾਨ, ਬੱਚਿਆਂ ਦੀ ਦੇਖਭਾਲ ਲਈ ਮਿਲੇਗੀ ਗ੍ਰਾਂਟ

ਬੀਜਿੰਗ, 6 ਮਾਰਚ (ਪੋਸਟ ਬਿਊਰੋ): ਭਾਰਤ ਚੀਨ ਨੂੰ ਪਛਾੜ ਕੇ ਦੁਨੀਆਂ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਬਣ ਗਿਆ ਹੈ। ਹਾਲ ਹੀ 'ਚ ਚੀਨ ਦੀ ਕਮਿਊਨਿਸਟ ਪਾਰਟੀ ਨੇ ਬਜਟ 'ਚ ਕਈ ਵੱਡੇ ਐਲਾਨ ਕੀਤੇ ਹਨ। ਚੀਨ ਦੇ ਪ੍ਰਧਾਨ ਮੰਤਰੀ ਲੀ ਕਿਆਂਗ ਨੇ ਨੈਸ਼ਨਲ ਪੀਪਲਜ਼ ਕਾਂਗਰਸ ਨੂੰ ਦਿੱਤੀ ਆਪਣੀ ਪਹਿਲੀ ਰਿਪੋਰਟ ਵਿਚ 7.2 ਫੀਸਦੀ ਫੌਜੀ ਖਰਚ ਵਾਧੇ ਦੇ ਨਾਲ 5 ਫੀਸਦੀ ਆਰਥਿਕ ਵਿਕਾਸ ਦਾ ਟੀਚਾ ਰੱਖਿਆ ਹੈ। ਪਰ ਉਸੇ ਸਮੇਂ, ਮੰਗਲਵਾਰ ਨੂੰ ਪੇਸ਼ ਕੀਤੀਆਂ ਗਈਆਂ ਦੋ ਸਰਕਾਰੀ ਰਿਪੋਰਟਾਂ ਨੇ ਵਿਸ਼ੇਸ਼ ਤੌਰ 'ਤੇ ਇਸ ਤੱਥ 'ਤੇ ਧਿਆਨ ਕੇਂਦਰਿਤ ਕੀਤਾ ਕਿ ਬੱਚੇ ਦੇ ਜਨਮ ਤੋਂ ਬਾਅਦ ਮਾਤਾ-ਪਿਤਾ ਦੀਆਂ ਛੁੱਟੀਆਂ ਦੀ ਗਿਣਤੀ ਵਧਾਈ ਜਾਵੇਗੀ।



ਇਸ ਤੋਂ ਇਲਾਵਾ ਪ੍ਰਾਈਵੇਟ ਮਾਲਕ ਵੀ ਬੱਚਿਆਂ ਦੀ ਦੇਖਭਾਲ ਅਤੇ ਪਾਲਣ-ਪੋਸ਼ਣ ਵਿੱਚ ਆਪਣੇ ਕਰਮਚਾਰੀਆਂ ਨੂੰ ਸਹਾਇਤਾ ਪ੍ਰਦਾਨ ਕਰਨਗੇ। ਸਰਕਾਰ ਬੱਚਿਆਂ ਦੀ ਦੇਖਭਾਲ ਲਈ ਗ੍ਰਾਂਟ ਵੀ ਦੇਵੇਗੀ। ਦੂਜੀ ਰਿਪੋਰਟ ਵਿੱਚ ਬੱਚੇ ਪੈਦਾ ਕਰਨ, ਪਾਲਣ-ਪੋਸ਼ਣ ਅਤੇ ਸਿੱਖਿਆ ਨੂੰ ਕਿਫਾਇਤੀ ਬਣਾਉਣ ਅਤੇ ਪੈਨਸ਼ਨਾਂ ਵਿੱਚ ਵਾਧਾ ਕਰਨ ਦਾ ਵਾਅਦਾ ਕੀਤਾ ਗਿਆ ਸੀ। ਇਹ ਵੀ ਕਿਹਾ ਗਿਆ ਹੈ ਕਿ ਚੀਨ ਦੇ ਵੱਖ-ਵੱਖ ਰਾਜ ਆਬਾਦੀ ਵਧਾਉਣ ਲਈ ਕਈ ਯੋਜਨਾਵਾਂ ਵੀ ਸ਼ੁਰੂ ਕਰਨਗੇ। ਜੋ ਸਕੀਮਾਂ ਪਹਿਲਾਂ ਤੋਂ ਚੱਲ ਰਹੀਆਂ ਹਨ, ਉਨ੍ਹਾਂ ਨੂੰ ਵੀ ਜਾਰੀ ਰੱਖਿਆ ਜਾਵੇਗਾ।

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM MAGGAS MEDICAL INC. Helping you breathe deep and rest easy.
(647) 954-9885
20 Maritime Ont Blvd Unit 15 Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਮੁਫਤ ਪਿਕਅਪ ਅਤੇ ਡਰਾਪ ਆਫ
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
647-998-7500 ਬਲਵਿੰਦਰ

PEST PROBLEM ? Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps • Cockroaches • Carpenter Ants • Silver Fish • Racoons
Call : PARESH PATEL (Government Approved Licensed Technician)
416 938 4598

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਤੁਰ ਪਏ ਛੱਡ ਗੁਜਰਾਤ ਦੇ ਕਾਂਗਰਸੀਏ,
ਹੋਰਨੀਂ ਥਾਂਈਂ ਵੀ ਇਹੋ ਕੁਝ ਹੋਏ ਬੇਲੀ।
ਭਾਜਪਾ ਵੰਨੀਂ ਜੋ ਜਾਣ ਲਈ ਕਰਨ ਸੋਚਾਂ,
ਕੋਈ ਵੀ ਰੱਖਣ ਨਹੀਂ ਸੋਚ ਲੁਕੋਏ ਬੇਲੀ।
ਭ੍ਰਿਸ਼ਟਾਚਾਰੀਏ ਕੇਸਾਂ ਵਿੱਚ ਫਸੇ ਜਿਹੜੇ,
ਅਦਾਲਤਾਂ ਵਿੱਚ ਜੋ ਰਹਿਣ ਖੜੋਏ ਬੇਲੀ।
ਉਹ ਹਨ ਸੋਚਦੇ ਕੀਤੀ ਜਦ ਦਲ-ਬਦਲੀ,
ਕੀਤੇ ਕਰਾਏ ਜਾਣਗੇਪਾਪ ਹੀ ਧੋਏ ਬੇਲੀ।
ਪੁਰਾਣੇ ਸੋਚ ਰਹੇ ਓਧਰ ਹਨ ਭਾਜਪਾਈਏ,
ਹੋਇਆ ਈ ਸਾਥੋਂ ਕੀ ਭਲਾ ਗੁਨਾਹ ਬੇਲੀ।
ਖੇਚਲ ਕੀਤੀ ਤਾਂ ਰਾਜ ਦਾ ਸਮਾਂ ਆਇਆ,
ਪੁੱਛਿਆ ਸਾਨੂੰ ਨਹੀਂ ਕਿਸੇ ਨੇ ਘਾਹ ਬੇਲੀ।

**ਤੀਸ ਮਾਰ ਖਾਂ**

# ਪ੍ਰਤਾਪ ਸਿੰਘ ਬਾਜਵਾ ਨੇ ਪੰਜਾਬ ਸਰਕਾਰ ਦੇ ਬਜਟ ਨੂੰ ਨਕਾਰਿਆ



ਚੰਡੀਗੜ੍ਹ, 6 ਮਾਰਚ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦਾ ਅੱਜ 6 ਮਾਰਚ ਨੂੰ ਚੌਥਾ ਦਿਨ ਹੈ। ਇਸ ਦੌਰਾਨ ਬਜਟ 'ਤੇ ਬਹਿਸ ਜਾਰੀ ਹੈ। ਇਸ ਦੌਰਾਨ ਕਾਂਗਰਸ ਦੇ ਸੀਨੀਅਰ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਸਵਾਲ ਕੀਤਾ ਹੈ ਕਿ ਪੰਜਾਬ ਸਰਕਾਰ ਦਾ ਦਾਅਵਾ ਹੈ ਕਿ ਉਹ ਹੁਣ ਤੱਕ 40 ਹਜ਼ਾਰ 437 ਮੁਲਾਜ਼ਮਾਂ ਦੀ ਭਰਤੀ ਕਰ ਚੁੱਕੀ ਹੈ। ਇਸ ਦੇ ਸਾਰੇ ਵੇਰਵੇ ਦਿੱਤੇ ਜਾਣੇ ਚਾਹੀਦੇ ਹਨ। ਉਨ੍ਹਾਂ ਪੁੱਛਿਆ ਕਿੰਨੇ ਪੰਜਾਬੀਆਂ ਅਤੇ ਗੈਰ-ਪੰਜਾਬੀਆਂ ਨੂੰ ਭਰਤੀ ਕੀਤਾ ਗਿਆ ਸੀ। ਕੀ ਠੇਕਾ ਮੁਲਾਜ਼ਮ ਵੀ ਇਸ ਵਿੱਚ ਸ਼ਾਮਲ ਹਨ?

ਇਸ ਦੇ ਨਾਲ ਹੀ ਇਹ ਵੀ ਦੱਸਿਆ ਜਾਵੇ ਕਿ ਇਸ ਵਿਚ ਕਿੰਨੇ ਸਾਬਕਾ ਫੌਜੀ ਹਨ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਸਰਕਾਰ ਨੇ ਆਪਣੇ ਕਰਜ਼ੇ ਦਾ ਖੁਲਾਸਾ ਕਰ ਦਿੱਤਾ ਹੈ, ਪਰ ਅਜੇ ਤੱਕ ਬੋਰਡਾਂ ਦੇ ਕਰਜ਼ੇ ਦਾ ਖੁਲਾਸਾ ਨਹੀਂ ਕੀਤਾ ਹੈ। ਨਵੀਂ ਪੈਨਸ਼ਨ ਸਕੀਮ ਦੀ ਵਿਸਤ੍ਰਿਤ ਸੂਚੀ ਦਿੱਤੀ ਜਾਵੇ।

ਉਨ੍ਹਾਂ ਨੇ ਸਰਕਾਰ ਤੋਂ ਇਹ ਵੀ ਜਵਾਬ ਮੰਗਿਆ ਗਿਆ ਹੈ ਕਿ ਪ੍ਰਧਾਨ ਮੰਤਰੀ ਯੋਜਨਾ ਤਹਿਤ ਕਿਹੜੇ ਜ਼ਿਲ੍ਹੇ ਵਿੱਚ ਕਿੰਨੇ ਘਰ ਬਣਾਏ ਜਾਣਗੇ। ਪ੍ਰਤਾਪ ਬਾਜਵਾ ਨੇ ਕਿਹਾ ਕਿ ਸਰਕਾਰ ਦਾ ਦਾਅਵਾ ਹੈ ਕਿ ਪੰਜਾਬ 9.40 ਫੀਸਦੀ ਦੀ ਦਰ ਨਾਲ ਵਿਕਾਸ ਕਰ ਰਿਹਾ ਹੈ। ਪਰ ਉਦਯੋਗ ਪੰਜਾਬ ਛੱਡ ਰਹੇ ਹਨ। ਹੁਣ ਤੱਕ ਕਿੰਨਾ ਨਿਵੇਸ਼ ਕੀਤਾ ਗਿਆ ਹੈ, ਇਸ ਦਾ ਵੇਰਵਾ ਦਿੱਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਕੇਂਦਰ ਸਰਕਾਰ ਦੀਆਂ ਅਹਿਮ ਬੈਠਕਾਂ ਵਿੱਚ ਸ਼ਾਮਿਲ ਨਹੀਂ ਹੋ ਰਹੇ ਹਨ। ਉਨ੍ਹਾਂ ਸਵਾਲ ਕੀਤਾ ਕਿ ਪੰਜਾਬ ਦੇ ਕਿੰਨੇ ਪ੍ਰਾਈਵੇਟ ਵਕੀਲ ਸੁਪਰੀਮ ਕੋਰਟ ਜਾਂ ਹਾਈ ਕੋਰਟ ਵਿੱਚ ਕੇਸ ਲੜ ਰਹੇ ਹਨ। ਇਸ ਦੇ ਸਾਰੇ ਵੇਰਵੇ ਦਿੱਤੇ ਜਾਣੇ ਚਾਹੀਦੇ ਹਨ। ਇਸ ਦੇ ਨਾਲ ਹੀ ਪਾਵਰਕੌਮ ਦੇ ਬਕਾਏ ਸਬੰਧੀ ਸਾਰੀ ਜਾਣਕਾਰੀ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੇ ਜਵਾਬ ਸਾਨੂੰ ਲਿਖਤੀ ਰੂਪ ਵਿੱਚ ਦਿੱਤੇ ਜਾਣ। ਉਨ੍ਹਾਂ ਨੇ ਕਿਹਾ ਕਿ ਅਸੀਂ ਇਸ ਬਜਟ ਨੂੰ ਰੱਦ ਕਰਦੇ ਹਾਂ। ਇਸ ਵਿੱਚ ਨੌਜਵਾਨਾਂ ਤੋਂ ਲੈ ਕੇ ਬਜ਼ੁਰਗਾਂ ਤੱਕ ਕੁਝ ਵੀ ਨਹੀਂ ਹੈ।

## ਪ੍ਰਤਾਪ ਸਿੰਘ ਬਾਜਵਾ ਅਤੇ ਰਾਜਾ ਵੜਿੰਗ ਅਤੇ ਕਈ ਹੋਰ ਕਾਂਗਰਸੀ ਵਿਧਾਇਕ ਵਿਧਾਨ ਸਭਾ ਦੀ ਕਾਰਵਾਈ ਤੋਂ ਮੁਅੱਤਲ

ਚੰਡੀਗੜ੍ਹ, 6 ਮਾਰਚ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ 'ਚ ਬੋਲਣ ਲਈ ਸਮੇਂ ਦੀ ਮੰਗ ਕਰ ਰਹੇ ਕਾਂਗਰਸੀ ਵਿਧਾਇਕਾਂ ਨੇ ਹੰਗਾਮਾ ਕੀਤਾ। ਜਿਸ ਤੋਂ ਬਾਅਦ ਸਪੀਕਰ ਦੇ ਹੁਕਮਾਂ 'ਤੇ ਮਾਰਸ਼ਲ ਨੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਰਾਜਾ ਵੜਿੰਗ ਅਤੇ ਪ੍ਰਤਾਪ ਸਿੰਘ ਬਾਜਵਾ ਤੋਂ ਇਲਾਵਾ 9 ਕਾਂਗਰਸੀ ਵਿਧਾਇਕਾਂ ਨੂੰ ਅੱਜ ਦੀ ਕਾਰਵਾਈ ਤੋਂ ਮੁਅੱਤਲ ਕਰ ਦਿੱਤਾ ਹੈ। ਹੰਗਾਮੇ ਕਾਰਨ ਵਿਧਾਨ ਸਭਾ ਸਪੀਕਰ ਕੁਲਤਾਰ ਸੰਧਵਾਂ ਨੇ ਮਾਰਸ਼ਲਾਂ ਨੂੰ ਅੰਦਰ ਬੁਲਾਇਆ ਅਤੇ ਮਾਰਸ਼ਲਾਂ ਨੇ ਕਾਂਗਰਸੀ ਵਿਧਾਇਕਾਂ ਨੂੰ ਸਦਨ ਵਿਚੋਂ ਬਾਹਰ ਕੱਢ ਦਿੱਤਾ। ਜਿਕਰਯੋਗ ਹੈ ਕਿ ਸੰਦੀਪ ਜਾਖੜ ਨੂੰ ਛੱਡ ਕੇ ਬਾਕੀ ਸਾਰੇ ਵਿਧਾਇਕਾਂ ਵਿਰੁੱਧ ਕਾਰਵਾਈ ਕੀਤੀ ਹੈ।

ਕਾਂਗਰਸ ਆਗੂਆਂ ਨੇ ਸਮਾਂ ਨਾ ਦੇਣ 'ਤੇ ਸਦਨ 'ਚ ਹੰਗਾਮਾ ਕਰਨਾ ਸ਼ੁਰੂ ਕਰ ਦਿੱਤਾ ਹੈ। ਸਪੀਕਰ ਕੁਲਤਾਰ ਸਿੰਘ ਸੰਧਵਾਂ ਦਾ ਕਹਿਣਾ ਹੈ ਕਿ ਕਾਂਗਰਸ ਨੂੰ ਬੋਲਣ ਲਈ 28 ਮਿੰਟ ਦਿੱਤੇ ਗਏ ਸਨ। ਉਸ ਸਮੇਂ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਲਿਆ ਸੀ। ਰਾਜਾ ਵੜਿੰਗ ਨੇ ਕਿਹਾ ਸਾਨੂੰ ਬੋਲਣ ਦਾ ਸਮਾਂ ਨਹੀਂ ਦਿੱਤਾ ਗਿਆ।

## ਨਵ-ਵਿਆਹੇ ਜੋੜੇ ਸਮੇਤ ਸੜਕ ਹਾਦਸੇ 'ਚ ਮਾਂ, ਪਿਤਾ ਅਤੇ ਭਰਾ ਦੀ ਮੌਤ



ਨੰਡਿਆਲਾ, 6 ਮਾਰਚ (ਪੋਸਟ ਬਿਊਰੋ): ਆਂਧਰਾ ਪ੍ਰਦੇਸ਼ ਦੇ ਨੰਡਿਆਲਾ ਜ਼ਿਲ੍ਹੇ 'ਚ ਬੁੱਧਵਾਰ ਸਵੇਰੇ ਸੜਕ ਕਿਨਾਰੇ ਖੜ੍ਹੇ ਟਰੱਕ ਨਾਲ ਕਾਰ ਦੀ ਟੱਕਰ 'ਚ ਨਵ-ਵਿਆਹੇ ਜੋੜੇ ਸਮੇਤ ਪਰਿਵਾਰ ਦੇ 5 ਮੈਂਬਰਾਂ ਦੀ ਮੌਤ ਹੋ ਗਈ। ਇਹ ਹਾਦਸਾ ਅੱਲਾਗੱਡਾ ਮੰਡਲ ਦੇ ਨਲਾਗਤਲਾ ਨੇੜੇ ਰਾਸ਼ਟਰੀ ਰਾਜਮਾਰਗ 'ਤੇ ਵਾਪਰਿਆ। ਪੁਲਿਸ ਨੇ ਦੱਸਿਆ ਕਿ ਇਹ ਹਾਦਸਾ ਸਵੇਰੇ 5:15 ਵਜੇ ਦੇ ਕਰੀਬ ਉਸ ਸਮੇਂ ਵਾਪਰਿਆ ਜਦੋਂ ਕਾਰ ਚਲਾ ਰਹੇ ਵਿਅਕਤੀ ਨੇ ਸੜਕ ਕਿਨਾਰੇ ਖੜ੍ਹੇ ਟਰੱਕ ਵੱਲ ਧਿਆਨ ਨਹੀਂ ਦਿੱਤਾ।

ਨੰਡਿਆਲਾ ਜ਼ਿਲ੍ਹੇ ਦੇ ਐੱਸਪੀ ਕੇ. ਰਘੁਵੀਰ ਰੈੱਡੀ ਨੇ ਦੱਸਿਆ ਕਿ ਇੱਕ ਪਰਿਵਾਰ ਤਿਰੂਪਤੀ ਦੇ ਇੱਕ ਮੰਦਰ ਤੋਂ ਵਾਪਿਸ ਆ ਰਿਹਾ ਸੀ ਜਦੋਂ ਬੁੱਧਵਾਰ ਸਵੇਰੇ 5:15 ਵਜੇ ਨਲਾਗਤਲਾ ਪਿੰਡ ਵਿੱਚ ਇਹ ਹਾਦਸਾ ਵਾਪਰ ਗਿਆ। ਰੈਡੀ ਨੇ ਦੱਸਿਆ ਕਿ ਇੱਕ ਟਰੱਕ ਡਰਾਈਵਰ ਨੇ ਕਿਸੇ ਕੰਮ ਲਈ ਆਪਣਾ ਵਾਹਨ ਸੜਕ ਕਿਨਾਰੇ ਖੜ੍ਹਾ ਕੀਤਾ ਸੀ ਅਤੇ ਜਿਵੇਂ ਹੀ ਉਹ ਟਰੱਕ ਤੋਂ ਹੇਠਾਂ ਉਤਰਿਆ ਤਾਂ ਪਿੱਛੇ ਤੋਂ ਇੱਕ ਤੇਜ਼ ਰਫ਼ਤਾਰ ਕਾਰ ਟਰੱਕ ਨਾਲ ਟਕਰਾ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ 'ਚ ਸਵਾਰ ਪੰਜ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਹਾਦਸੇ ਤੋਂ ਬਾਅਦ ਪੁਲਿਸ ਨੇ ਇੱਕ ਮ੍ਰਿਤਕ ਦੇ ਰਿਸ਼ਤੇਦਾਰਾਂ ਨੂੰ ਆਪਣੇ ਮੋਬਾਈਲ ਫੋਨ ਰਾਹੀਂ ਸੂਚਿਤ ਕੀਤਾ ਅਤੇ ਲਾਸ਼ਾਂ ਨੂੰ ਸਥਾਨਕ ਹਸਪਤਾਲ ਭੇਜ ਦਿੱਤਾ ਗਿਆ। ਅਧਿਕਾਰੀ ਨੇ ਦੱਸਿਆ ਕਿ ਪੁਲਿਸ ਮਾਮਲਾ ਦਰਜ ਕਰ ਰਹੀ ਹੈ ਅਤੇ ਹੋਰ ਕਾਨੂੰਨੀ ਪ੍ਰਕਿਰਿਆਵਾਂ ਚੱਲ ਰਹੀਆਂ ਹਨ।

## ਪਤੀ ਨੇ ਵਿਆਹ ਦੀ ਵਰ੍ਹੇਗੰਢ 'ਤੇ ਗਿਫ਼ਟ ਨਾ ਦਿੱਤਾ ਤਾਂ ਪਤਨੀ ਨੇ ਚਾਕੂ ਨਾਲ ਕੀਤਾ ਹਮਲਾ



ਬੈਂਗਲੁਰੂ, 6 ਮਾਰਚ (ਪੋਸਟ ਬਿਊਰੋ): ਵਿਆਹ ਦੀ ਵਰ੍ਹੇਗੰਢ 'ਤੇ ਤੋਹਫ਼ਾ ਨਾ ਦੇਣਾ ਪਤੀ ਨੂੰ ਬਹੁਤ ਮਹਿੰਗਾ ਪੈ ਗਿਆ। ਪਤਨੀ ਉਸ 'ਤੇ ਜਾਨਲੇਵਾ ਹਮਲਾ ਕਰ ਦਿੱਤਾ। ਇਹ ਘਟਨਾ ਬੈਂਗਲੁਰੂ ਤੋਂ ਸਾਹਮਣੇ ਆਈ ਹੈ। ਬੈਂਗਲੁਰੂ ਵਿੱਚ, ਇੱਕ 37 ਸਾਲਾ ਵਿਅਕਤੀ ਆਪਣੀ ਹੀ ਪਤਨੀ ਵਲੋਂ ਚਾਕੂ ਨਾਲ ਹਮਲਾ ਕਰਨ ਤੋਂ ਬਾਅਦ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਜਾਂਚ ਦੌਰਾਨ ਜਦੋਂ ਪੁਲਿਸ ਨੂੰ ਹਮਲੇ ਦੇ ਕਾਰਨ ਦਾ ਪਤਾ ਲੱਗਾ ਤਾਂ ਪੁਲਿਸ ਵਾਲੇ ਵੀ ਹੈਰਾਨ ਰਹਿ ਗਏ।

ਇਹ ਘਟਨਾ ਬੈਂਗਲੁਰੂ ਦੇ ਬੇਲੰਦੂਰ ਥਾਣਾ ਖੇਤਰ ਦੀ ਹੈ। 27 ਫਰਵਰੀ ਨੂੰ 37 ਸਾਲਾ ਕਿਰਨ ਅਤੇ ਉਸ ਦੀ ਪਤਨੀ ਵਿਚਕਾਰ ਉਸ ਨੂੰ ਵਰ੍ਹੇਗੰਢ ਦਾ ਤੋਹਫਾ ਨਾ ਦੇਣ ਨੂੰ ਲੈ ਕੇ ਲੜਾਈ ਹੋ ਗਈ ਸੀ। ਕਿਰਨ ਨੇ ਪੁਲਿਸ ਨੂੰ ਦੱਸਿਆ ਕਿ ਜਦੋਂ ਉਹ ਸੌਂ ਰਿਹਾ ਸੀ ਤਾਂ ਉਸਦੀ ਪਤਨੀ ਨੇ ਰਸੋਈ ਦੇ ਚਾਕੂ ਨਾਲ ਹਮਲਾ ਕਰਕੇ ਉਸਨੂੰ ਜ਼ਖਮੀ ਕਰ ਦਿੱਤਾ।

ਕਿਰਨ ਨੇ ਪੁਲਿਸ ਨੂੰ ਇਹ ਵੀ ਦੱਸਿਆ ਕਿ ਉਹ ਆਪਣੇ ਦਾਦਾ ਦੀ ਮੌਤ ਤੋਂ ਦੁਖੀ ਸੀ ਅਤੇ ਉਸਨੇ ਆਪਣੀ ਪਤਨੀ ਨੂੰ ਕਿਹਾ ਸੀ ਕਿ ਉਹ ਇਸ ਵਾਰ ਬਰਸੀ 'ਤੇ ਤੋਹਫ਼ਾ ਨਹੀਂ ਦੇ ਸਕਦੀ। ਇਸ ਦੇ ਬਾਵਜੂਦ ਉਸ ਦੀ ਪਤਨੀ ਨੇ ਉਸ 'ਤੇ ਜਾਨਲੇਵਾ ਹਮਲਾ ਕਰ ਦਿੱਤਾ। ਪੁਲਸ ਨੇ ਪਤੀ ਦੀ ਸ਼ਿਕਾਇਤ ਦੇ ਆਧਾਰ 'ਤੇ ਮੁਲਜ਼ਮ ਪਤਨੀ ਖਿਲਾਫ ਕਤਲ ਦੀ ਕੋਸ਼ਿਸ਼ ਦਾ ਮਾਮਲਾ ਦਰਜ ਕਰ ਲਿਆ ਹੈ।

## ਪੇਂਡੂ ਮਜ਼ਦੂਰ ਯੂਨੀਅਨ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵਲੋਂ ਰੇਲਾਂ ਦਾ ਚੱਕਾ ਜਾਮ 11 ਨੂੰ

### ਜ਼ਮੀਨ, ਲਾਲ ਲਕੀਰ ਦੇ ਮਾਲਕੀ ਹੱਕ, ਦਿਹਾੜੀ ਵਧਾਉਣ, ਕਰਜ਼ਾ ਮੁਆਫ਼ੀ ਵਰਗੇ ਬੁਨਿਆਦੀ ਮੁੱਦੇ ਹੱਲ ਕਰਨ ਦੀ ਮੰਗ



ਜਲੰਧਰ, 6 ਮਾਰਚ (ਪੋਸਟ ਬਿਊਰੋ): ਕੇਂਦਰ ਤੇ ਪੰਜਾਬ ਸਰਕਾਰ ਵਲੋਂ ਮਜ਼ਦੂਰਾਂ ਦੀਆਂ ਮੰਗਾਂ ਨੂੰ ਅੱਖੋਂ ਪਰੋਖੇ ਕਰਨ ਵਿਰੁੱਧ, ਲੈਂਡ ਸੀਲਿੰਗ ਐਕਟ ਲਾਗੂ ਕਰਕੇ ਵਾਧੂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ-ਕਿਸਾਨਾਂ ਚ ਵੰਡਣ, ਲਾਲ ਲਕੀਰ ਵਿੱਚ ਆਉਂਦੇ ਘਰਾਂ ਦੇ ਮਾਲਕੀ ਹੱਕ, ਘਰ,ਮਕਾਨ ਦੇਣ ਸਮੇਤ ਪੱਕਾ ਰੁਜ਼ਗਾਰ ਤੇ ਦਿਹਾੜੀ 1 ਹਜ਼ਾਰ ਰੁਪਏ ਕਰਨ, ਮਾਈਕਰੋ ਫਾਈਨਾਂਸ ਕੰਪਨੀਆਂ ਸਮੇਤ ਸਾਰੇ ਕਰਜ਼ੇ ਮੁਆਫ਼ ਕਰਨ ਆਦਿ ਦੇ ਸਵਾਲ ਨੂੰ ਲੈ ਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵਲੋਂ ਕੇਂਦਰ ਅਤੇ ਪੰਜਾਬ ਸਰਕਾਰ ਖਿਲਾਫ਼ ਪੰਜਾਬ ਭਰ 'ਚ 11 ਮਾਰਚ ਨੂੰ ਰੇਲਾਂ ਦੇ ਚੱਕਾ ਜਾਮ ਕੀਤਾ ਜਾ ਰਿਹਾ ਹੈ। ਇਸ ਵਿੱਚ ਪੇਂਡੂ ਮਜ਼ਦੂਰਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਕਰਵਾਉਣ ਲਈ ਗੁਰਦਾ-ਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, ਕਪੂਰਥਲਾ, ਜਲੰਧਰ, ਸ਼ਹੀਦ ਭਗਤ ਸਿੰਘ ਨਗਰ, ਲੁਧਿਆਣਾ, ਮੋਗਾ, ਮੁਕਤਸਰ, ਮਲੇਰਕੋਟਲਾ,ਸੰਗਰੂਰ ਅਤੇ ਪਟਿਆਲਾ ਆਦਿ ਜਿਲ੍ਹਿਆਂ ਅੰਦਰ ਸੈਂਕੜੇ ਪਿੰਡਾਂ ਵਿੱਚ ਮਜ਼ਦੂਰਾਂ ਦੀ ਲਾਮਬੰਦੀ ਕੀਤੀ ਜਾ ਰਹੀ ਹੈ। ਇਸ ਸੰਬੰਧੀ ਪਿੰਡਾਂ ਮਜ਼ਦੂਰ ਰੈਲੀਆਂ, ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਕੰਧ ਲਿਖ਼ਤ ਇਸ਼ਤਿਹਾਰ ਲਗਾਇਆ ਜਾ ਰਿਹਾ ਹੈ। ਰੇਲਾਂ ਦਾ ਚੱਕਾ ਜਾਮ ਲਈ ਮਜ਼ਦੂਰਾਂ ਵਿੱਚ ਪੂਰਾ ਉਤਸ਼ਾਹ ਪਾਇਆ ਜਾ ਰਿਹਾ ਹੈ।

ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਾਲੌਦ ਤੇ ਬਿੱਕਰ ਸਿੰਘ ਹਥੋਆ ਨੇ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਜਗੀਰਦਾਰਾਂ, ਕਾਰਪੋਰੇਟ ਘਰਾਣਿਆਂ ਪੱਖੀ ਫਾਸ਼ੀਵਾਦੀ ਨੀਤੀਆਂ ਲਾਗੂ ਕਰ ਰਹੀਆਂ ਹਨ। ਇਹਨਾਂ ਸਰਕਾਰਾਂ ਨੇ ਅੱਖੋਂ ਪਰੋਖੇ ਹੀ ਨਹੀਂ ਕੀਤਾ ਹੋਇਆ ਸਗੋਂ ਮਜ਼ਦੂਰਾਂ ਦੇ ਬੁਨਿਆਦੀ ਮੁੱਦਿਆਂ ਨੂੰ ਪੂਰੀ ਤਰ੍ਹਾਂ ਵਿਸਾਰਿਆਂ ਹੋਇਆ ਹੈ।

ਉਨ੍ਹਾਂ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸੂਬਾ ਸਰਕਾਰ ਦੇ ਬਜਟ ਨੂੰ ਮਜ਼ਦੂਰ ਵਿਰੋਧੀ ਕਰਾਰ ਦਿੰਦਿਆਂ ਕਿਹਾ ਕਿ ਮੌਜੂਦਾ ਸਰਕਾਰ ਦੇ ਤੀਸਰੇ ਬਜਟ ਵਿੱਚ ਮਜ਼ਦੂਰਾਂ ਨੂੰ ਬਿਲਕੁੱਲ ਹੀ ਅਣਗੌਲਿਆਂ ਗਿਆ ਹੈ। ਉਨ੍ਹਾਂ 11 ਮਾਰਚ ਨੂੰ ਰੇਲਾਂ ਦੇ ਚੱਕਾ ਜਾਮ ਨੂੰ ਸਫ਼ਲ ਬਣਾਉਣ ਲਈ ਪਰਿਵਾਰਾਂ ਸਮੇਤ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ।


**SherGill Law Firm**
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



**Allseas Fisheries Inc. is Hiring!**
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net



**TAX & ACCOUNTING**
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



**ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ**
Super Visa
* How your spouse can join you within 4-6 months
* How your parents can join you
* How students & skilled people can come to Canada
* How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



**ਬਰਾੜ ਗਰਾਜ ਡੋਰ**
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

## ਵਿਜੀਲੈਂਸ ਬਿਊਰੋ ਨੇ ਗਲਾਡਾ ਦੇ ਫੀਲਡ ਅਫਸਰ ਜ਼ੋਰਾ ਸਿੰਘ ਨੂੰ 4,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਕੀਤਾ ਗ੍ਰਿਫਤਾਰ



ਚੰਡੀਗੜ, 6 ਮਾਰਚ (ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਬੁੱਧਵਾਰ ਨੂੰ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਦੇ ਫੀਲਡ ਅਫਸਰ ਵਜੋਂ ਤਾਇਨਾਤ ਜ਼ੋਰਾ ਸਿੰਘ ਨੂੰ 4,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਹ ਪ੍ਰਗਟਾਵਾ ਕਰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਜ਼ਿਲ੍ਹਾ ਅਦਾਲਤਾਂ ਲੁਧਿਆਣਾ ਵਿੱਚ ਵਕੀਲ ਵਜੋਂ ਵਕਾਲਤ ਕਰਦੇ ਅਮਿਤ ਰਾਏ, ਵਾਸੀ ਈਸ਼ਰ ਨਗਰ, ਲੁਧਿਆਣਾ ਵੱਲੋਂ ਦਰਜ ਕਰਵਾਈ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੀਤੀ ਅਤੇ ਦੱਸਿਆ ਕਿ ਉਕਤ ਕਰਮਚਾਰੀ ਵੱਲੋਂ ਸ਼ਿਵ ਵਿਹਾਰ, ਪਿੰਡ ਜਸਪਾਲ ਬਾਂਗਰ, ਲੁਧਿਆਣਾ ਵਿਖੇ ਉਸ ਦੇ ਨਿਰਮਾਣ ਅਧੀਨ ਦੋ ਮਕਾਨਾਂ ਦਾ ਲੈਂਟਰ ਪਾਉਣ ਬਦਲੇ 4,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਕਤ ਕਰਮਚਾਰੀ ਨੇ ਧਮਕੀ ਦਿੱਤੀ ਕਿ ਜੇਕਰ ਰਿਸ਼ਵਤ ਦੀ ਰਕਮ ਦੋਵਾਂ ਮਕਾਨਾਂ ਲਈ ਨਾ ਦਿੱਤੀ ਗਈ ਤਾਂ ਉਹ ਲੈਂਟਰ ਪਾਉਣ ਨਹੀਂ ਦੇਵੇਗਾ ਅਤੇ ਇਹ ਵੀ ਕਿਹਾ ਹੈ ਕਿ ਰਿਸ਼ਵਤ ਦੀ ਰਿਹ ਰਕਮ ਗਲਾਡਾ ਦੇ ਹੋਰ ਅਧਿਕਾਰੀਆਂ ਨਾਲ ਵੀ ਵੰਡੀ ਜਾਵੇਗੀ।

ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਤੋਂ ਬਾਅਦ ਲੁਧਿਆਣਾ ਰੇਂਜ ਤੋਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 4,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7, 7-ਏ ਤਹਿਤ ਥਾਣਾ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਵਿਖੇ ਕੇਸ ਦਰਜ ਕੀਤਾ ਗਿਆ ਹੈ। ਉਕਤ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਗਲਾਡਾ ਦੇ ਹੋਰ ਅਧਿਕਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ।

## ਖੁਰਾਕ ਤੇ ਜਨਤਕ ਵੰਡ ਵਿਭਾਗ ਦਾ ਡਿਪਟੀ ਡਾਇਰੈਕਟਰ ਆਰ.ਕੇ. ਸਿੰਗਲਾ ਇੱਕ ਹੋਰ ਕੇਸ ਵਿੱਚ ਭਗੌੜਾ ਕਰਾਰ

ਚੰਡੀਗੜ੍ਹ, 6 ਮਾਰਚ (ਗਿਆਨ ਸਿੰਘ): ਐਸ.ਬੀ.ਐਸ. ਨਗਰ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਮਜ਼ਦੂਰੀ ਅਤੇ ਢੋਆ-ਢੁਆਈ ਦੇ ਠੇਕੇ ਵੱਧ ਰੇਟਾਂ ਉੱਤੇ ਅਲਾਟ ਕਰਨ ਸਬੰਧੀ ਇੱਕ ਕੇਸ ਵਿੱਚ ਖੁਰਾਕ ਤੇ ਜਨਤਕ ਵੰਡ ਵਿਭਾਗ, ਪੰਜਾਬ ਦੇ ਡਿਪਟੀ ਡਾਇਰੈਕਟਰ ਮੁਲਜ਼ਮ ਆਰ.ਕੇ. ਸਿੰਗਲਾ ਨੂੰ ਸੀ.ਜੇ.ਐਮ. ਐਸ.ਬੀ.ਐਸ. ਨਗਰ ਦੀ ਅਦਾਲਤ ਵੱਲੋਂ ਭਗੌੜਾ ਕਰਾਰ ਦੇ ਦਿੱਤਾ ਗਿਆ ਹੈ।

ਇਸ ਤੋਂ ਪਹਿਲਾਂ ਉਕਤ ਮੁਲਜ਼ਮ ਰਾਕੇਸ਼ ਕੁਮਾਰ ਸਿੰਗਲਾ ਨੂੰ ਲੁਧਿਆਣਾ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਵਿਜੀਲੈਂਸ ਬਿਊਰੋ ਵੱਲੋਂ ਅਨਾਜ ਦੀ ਢੋਆ-ਢੁਆਈ ਦੇ ਘੁਟਾਲੇ ਸੰਬੰਧੀ ਦਰਜ ਕੇਸ ਵਿੱਚ ਲੁਧਿਆਣਾ ਦੀ ਅਦਾਲਤ ਵੱਲੋਂ ਭਗੌੜਾ ਐਲਾਨਿਆ ਜਾ ਚੁੱਕਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਆਰ.ਕੇ. ਸਿੰਗਲਾ, ਸਾਬਕਾ ਖੁਰਾਕ ਤੇ ਜਨਤਕ ਵੰਡ ਮੰਤਰੀ ਭਾਰਤ ਭੂਸ਼ਣ ਆਸ਼ੂ ਅਤੇ ਠੇਕੇਦਾਰਾਂ ਸਮੇਤ ਸੱਤ ਮੁਲਜ਼ਮਾਂ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7, 8, 12, 13 (2) ਅਤੇ ਆਈ.ਪੀ.ਸੀ. ਦੀ ਧਾਰਾ 409, 420, 467, 468, 471, 120-ਬੀ ਅਧੀਨ ਐਫ.ਆਈ.ਆਰ. ਨੰਬਰ 18 ਮਿਤੀ 22-09-2022 ਨੂੰ ਦਰਜ ਕੀਤੀ ਹੋਈ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਉਕਤ ਮੁਲਜ਼ਮ ਸਿੰਗਲਾ ਨੇ ਸਾਬਕਾ ਮੰਤਰੀ ਅਤੇ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਨਾਲ ਮਿਲੀਭੁਗਤ ਕਰਕੇ ਰਿਸ਼ਵਤਾਂ ਲੈ ਕੇ ਠੇਕੇਦਾਰਾਂ ਨੂੰ ਵੱਡੀਆਂ ਕੀਮਤਾਂ 'ਤੇ ਟੈਂਡਰ ਦਿੱਤੇ ਸਨ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਠੇਕੇਦਾਰਾਂ ਨੇ ਮੰਡੀਆਂ ਤੋਂ ਗੋਦਾਮਾਂ ਤੱਕ ਅਨਾਜ ਦੀ ਢੋਆ-ਢੁਆਈ ਲਈ ਟਰੈਕਟਰ, ਹਾਰਵੈਸਟਰ ਕੰਬਾਈਨਾਂ, ਦੋ ਪਹੀਆ ਵਾਹਨਾਂ ਆਦਿ ਦੇ ਰਜਿਸਟ੍ਰੇਸ਼ਨ ਨੰਬਰ ਦੇ ਕੇ ਜਾਅਲੀ ਦਸਤਾਵੇਜ਼ ਜਮ੍ਹਾਂ ਕਰਵਾਏ ਹਨ।

ਬੁਲਾਰੇ ਨੇ ਦੱਸਿਆ ਕਿ ਇਸ ਮਾਮਲੇ ਵਿੱਚ 7 ਮੁਲਜ਼ਮਾਂ ਵਿੱਚੋਂ ਠੇਕੇਦਾਰ ਤੇਲੂ ਰਾਮ, ਭਾਰਤ ਭੂਸ਼ਣ ਆਸ਼ੂ ਅਤੇ ਉਹਨਾਂ ਦੇ ਨਿੱਜੀ ਸਕੱਤਰ ਮੀਨੂ ਮਲਹੋਤਰਾ ਦਾ ਚਲਾਨ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾ ਚੁੱਕਾ ਹੈ। ਦੱਸਣਯੋਗ ਹੈ ਕਿ ਜ਼ਿਲ੍ਹਾ ਖੁਰਾਕ ਅਤੇ ਜਨਤਕ ਵੰਡ ਕੰਟਰੋਲਰ ਰਾਕੇਸ਼ ਭਾਸਕਰ ਦਾ ਦਿਹਾਂਤ ਹੋ ਚੁੱਕਾ ਹੈ। ਇਸ ਸਬੰਧੀ ਮੁਕੱਦਮੇ ਦੀ ਸੁਣਵਾਈ ਦੌਰਾਨ ਉਕਤ ਕਥਿਤ ਮੁਲਜ਼ਮ ਆਰ.ਕੇ. ਸਿੰਗਲਾ ਵੱਲੋਂ ਅਦਾਲਤ 'ਚ ਪੇਸ਼ ਨਾ ਹੋਣ ਕਰਕੇ ਉਸ ਨੂੰ ਭਗੌੜਾ ਕਰਾਰ ਦੇ ਦਿੱਤਾ ਗਿਆ ਹੈ। ਆਰ.ਕੇ. ਸਿੰਗਲਾ ਦੇ ਨਾਲ ਮੁਲਜ਼ਮ ਠੇਕੇਦਾਰਾਂ ਅਜੇ ਪਾਲ ਅਤੇ ਯਸ਼ ਪਾਲ ਦੇ ਖਿਲਾਫ਼ ਇੱਕ ਹੋਰ ਸਪਲੀਮੈਂਟਰੀ ਚਲਾਣ ਜਲਦ ਹੀ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

## 10 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਸਿਪਾਹੀ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ

ਚੰਡੀਗੜ੍ਹ, 6 ਮਾਰਚ (ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਤਹਿਤ ਬੁੱਧਵਾਰ ਨੂੰ ਥਾਣਾ ਮੂਲੇਪੁਰ, ਜ਼ਿਲਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਤਾਇਨਾਤ ਸਿਪਾਹੀ ਜਗਜੀਤ ਸਿੰਘ ਨੂੰ 10000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਨੂੰ ਖੁਸ਼ਪਾਲ ਸਿੰਘ ਵਾਸੀ ਪਿੰਡ ਨੌਲੱਖਾ, ਜ਼ਿਲ੍ਹਾ ਸ੍ਰੀ ਫ਼ਤਹਿਗੜ੍ਹ ਸਾਹਿਬ ਵੱਲੋਂ ਦਰਜ ਕਰਵਾਈ ਸ਼ਿਕਾਇਤ 'ਤੇ ਗਿਫ਼ਤਾਰ ਕੀਤਾ ਗਿਆ ਹੈ ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਸਨੇ ਇੱਕ ਮੱਝ ਜਸਵੀਰ ਸਿੰਘ ਨੂੰ 84,000 ਰੁਪਏ ਵਿੱਚ ਵੇਚੀ ਸੀ ਪਰ ਖਰੀਦਦਾਰ ਪੈਸੇ ਦੇਣ ਵਿੱਚ ਟਾਲ-ਮਟੋਲ ਕਰਦਾ ਰਿਹਾ। ਇਸ ਤੋਂ ਬਾਅਦ ਸ਼ਿਕਾਇਤਕਰਤਾ ਨੇ ਐਸ.ਐਸ.ਪੀ. ਫ਼ਤਹਿਗੜ੍ਹ ਸਾਹਿਬ ਕੋਲ ਸ਼ਿਕਾਇਤ ਦਰਜ ਕਰਵਾਈ, ਜਿਸ ਦੀ ਪੜਤਾਲ ਸਿਪਾਹੀ ਜਗਜੀਤ ਸਿੰਘ ਕਰ ਰਿਹਾ ਸੀ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਾਇਆ ਕਿ ਦੋਵਾਂ ਧਿਰਾਂ ਵਿਚਾਲੇ ਰਾਜ਼ੀਨਾਮਾ ਕਰਵਾਉਣ ਬਦਲੇ ਉਕਤ ਸਿਪਾਹੀ ਨੇ 10,000 ਰੁਪਏ ਦੀ ਮੰਗ ਕੀਤੀ ਹੈ।

ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤ ਦੀ ਮੁੱਢਲੀ ਪੜਤਾਲ ਤੋਂ ਬਾਅਦ ਵਿਜੀਲੈਂਸ ਬਿਊਰੋ ਦੇ ਯੂਨਿਟ ਫਤਿਹਗੜ੍ਹ ਸਾਹਿਬ ਦੀ ਟੀਮ ਨੇ ਮੁਲਜ਼ਮ ਸਿਪਾਹੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸਬੰਧ ਵਿੱਚ ਥਾਣਾ ਵਿਜੀਲੈਂਸ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb


Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104


ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਦੇਸ਼ ਵੰਡ ਸਮੇਂ ਉੱਜੜੇ ਪੰਜਾਬੀਆਂ ਦੀ ਵੱਡੀ ਧਿਰ ਬਣੇ - ਡਾ. ਮਹਿੰਦਰ ਸਿੰਘ ਰੰਧਾਵਾ

-ਗੁਰਭਜਨ ਗਿੱਲ-



ਉਨ੍ਹਾਂ ਦਾ ਜੱਦੀ ਪਿੰਡ ਭਾਵੇਂ ਬੋਦਲ(ਹੋਸ਼ਿਆਰਪੁਰ) ਨੇੜੇ ਗਰਨਾ ਸਾਹਿਬ ਸੀ ਪਰ ਡਾ. ਮਹਿੰਦਰ ਸਿੰਘ ਰੰਧਾਵਾ ਦਾ ਜਨਮ 2 ਫਰਵਰੀ 1909 ਨੂੰ ਜ਼ੀਰਾ(ਫੀਰੋਜ਼ਪੁਰ) ਵਿੱਚ ਮਾਤਾ ਬੇਚਿੰਤ ਕੌਰ ਦੀ ਕੁੱਖੋਂ ਹੋਇਆ। ਜ਼ੀਰਾ ਵਿੱਚ ਉਨ੍ਹਾਂ ਦੇ ਪਿਤਾ ਜੀ ਸ. ਸ਼ੇਰ ਸਿੰਘ ਤਹਿਸੀਲਦਾਰ ਸਨ।

ਡਾ. ਰੰਧਾਵਾ ਦਾ ਪ੍ਰਚਲਿਤ ਨਾਂ ਮ ਸ ਰੰਧਾਵਾ ਸੀ। ਉਹ ਪੰਜਾਬੀ ਸਿਵਲ ਅਧਿਕਾਰੀ, ਬਨਸਪਤਿ ਵਿਗਿਆਨੀ ਅਤੇ ਵਿਰਾਸਤ ਸੰਗ੍ਰਹਿ ਕਰਤਾ ਤੇ ਸਾਹਿਤ ਸਿਰਜਕ ਸਨ। ਉਹਨਾਂ ਨੇ ਦੇਸ਼ ਦੀ ਵੰਡ ਸਮੇਂ ਉਜੜੇ ਪੰਜਾਬੀਆਂ ਨੂੰ ਦੇ ਮੁੜ ਵਸੇਬੇ, ਚੰਡੀਗੜ੍ਹ ਦੀ ਸਥਾਪਨਾ ਅਤੇ ਭਾਰਤ ਦੇ ਹਰੇ ਇਨਕਲਾਬ ਅਤੇ ਪੰਜਾਬ ਦੀਆਂ ਕਲਾਵਾਂ ਦੇ ਦਸਤਾਵੇਜ਼ੀਕਰਨ ਵਿੱਚ ਅਹਿਮ ਭੂਮਿਕਾ ਅਦਾ ਕੀਤੀ।

ਡਾ. ਰੰਧਾਵਾ ਦਾ ਜਨਮ ਜ਼ੀਰਾ(ਫੀਰੋਜ਼ਪੁਰ) ਪੰਜਾਬ ਵਿਖੇ ਹੋਇਆ ਜਿੱਥੇ ਉਨ੍ਹਾਂ ਦੇ ਪਿਤਾ ਜੀ ਸ. ਸ਼ੇਰ ਸਿੰਘ ਤਹਿਸੀਲਦਾਰ ਸਨ।

ਆਪ ਨੇ ਖਾਲਸਾ ਹਾਈ ਸਕੂਲ ਮੁਕਤਸਰ ਤੋਂ ਦਸਵੀਂ ਪਾਸ ਕੀਤੀ।

ਪੰਜਾਬ ਯੂਨੀਵਰਸਿਟੀ, ਲਹੌਰ ਵਿੱਚੋਂ ਪੁਜੀਸ਼ਨ ਹਾਸਲ ਕਰਨ ਕਰਕੇ ਆਪ ਦਾ ਨਾਮ ਮੈਰਿਟ ਬੋਰਡ ਤੇ ਅਜੇ ਵੀ ਲਿਖਿਆ ਬੋਲਦਾ ਹੈ।

ਨਾਰੰਗਵਾਲ(ਲੁਧਿਆਣਾ) ਦੇ ਜੰਮਪਲ ਡਾ. ਹਰਭਜਨ ਸਿੰਘ ਗੋਜਰੇ ਵਾਲੇ (ਅੱਖਾਂ ਦੇ ਪ੍ਰਸਿੱਧ ਡਾਕਟਰ) ਦੀ ਬੇਟੀ ਇਕਬਾਲ ਕੌਰ ਰੰਧਾਵਾ ਆਪ ਦੀ ਜੀਵਨ ਸਾਥਣ ਬਣੇ।

ਡਾ. ਰੰਧਾਵਾ ਨੇ 1924 ਵਿੱਚ ਉਹਨਾਂ ਖ਼ਾਲਸਾ ਹਾਈ ਸਕੂਲ, ਮੁਕਤਸਰ ਤੋਂ ਦਸਵੀਂ ਜਮਾਤ ਪਾਸ ਕੀਤੀ, ਇਸ ਤੋਂ ਬਾਅਦ ਉਹਨਾਂ 1930 ਵਿੱਚ ਲਾਹੌਰ ਤੋਂ ਐਮ.ਐਸ ਸੀ ਬਾਟਨੀ ਅਤੇ 1955 ਵਿੱਚ ਪੰਜਾਬ ਯੂਨੀਵਰਸਿਟੀ ਸੋਲਨ (ਪੰਜਾਬ) ਤੋਂ ਡੀ.ਐਸ ਸੀ ਦੀ ਡਿਗਰੀ ਪ੍ਰਾਪਤ ਕੀਤੀ। ਉਹਨਾਂ ਨੂੰ ਬਨਸਪਤੀ ਵਿਗਿਆਨ ਵਿੱਚ ਮੁਹਾਰਤ ਪ੍ਰਾਪਤ ਸੀ। ਉਹਨਾਂ ਨੂੰ ਪੰਜਾਬ ਯੂਨੀਵਰਸਿਟੀ ਨੇ ਪੀ ਐਚ ਡੀ ਦੀ ਡਿਗਰੀ ਪਰਦਾਨ ਕੀਤੀ। 1934 ਵਿੱਚ ਉਹਨਾਂ ਆਈ. ਸੀ.ਐਸ. ਦੀ ਪ੍ਰੀਖਿਆ ਪਾਸ ਕੀਤੀ। ਸਭ ਤੋਂ ਪਹਿਲਾਂ ਉਹਨਾਂ ਨੂੰ ਸਹਾਰਨਪੁਰ ਵਿੱਚ ਸਹਾਇਕ ਮੈਜਿਸਟਰੇਟ ਨਿਯੁਕਤ ਕੀਤਾ ਗਿਆ। 1936-38 ਵਿੱਚ ਉਹ ਫੈਜ਼ਾਬਾਦ ਵਿੱਚ ਮੈਜਿਸਟਰੇਟ ਬਣੇ ਅਤੇ 1938 ਵਿੱਚ ਅਲਮੋੜਾ ਅਤੇ 1939-40 ਵਿੱਚ ਅਲਾਹਾਬਾਦ ਦੇ ਐਡੀਸ਼ਨਲ ਜ਼ਲ੍ਹਿਾ ਮੈਜਿਸਟਰੇਟ ਨਿਯੁਕਤ ਹੋਏ। 1940-41 ਵਿੱਚ ਉਹ ਆਗਰਾ ਦੇ ਜ਼ਲ੍ਹਿਾ ਮੈਜਿਸਟਰੇਟ ਅਤੇ 1942-45 ਵਿੱਚ ਰਾਏ ਬਰੇਲੀ ਦੇ ਡਿਪਟੀ ਕਮਿ-ਸ਼ਨਰ ਬਣੇ। 1945 ਵਿੱਚ ਉਹਨਾਂ ਸੰਯੁਕਤ ਰਾਸ਼ਟਰ ਦੀ ਕੈਨੇਡਾ ਵਿੱਚ ਹੋ ਰਹੀ 'ਫੂਡ ਤੇ ਖੇਤੀ ਸੰਸਥਾ' ਦੇ ਭਾਰਤੀ ਡੈਲੀਗੇਸ਼ਨ ਦੇ ਸਕੱਤਰ ਵਜੋਂ ਸ਼ਮੂਲੀਅਤ ਕੀਤੀ। 1945-46 ਵਿੱਚ ਉਹ 'ਭਾਰਤੀ ਖੇਤੀ ਖੋਜ ਸੰਸਥਾ ਨਵੀਂ ਦਿੱਲੀ' ਦੇ ਸਕੱਤਰ ਬਣੇ। 1946-48 ਦੇ ਫਸਾਦਾਂ ਵਾਲੇ ਸਮੇਂ ਦੌਰਾਨ ਉਹ ਦਿੱਲੀ ਦੇ ਡਿਪਟੀ ਕਮਿਸ਼ਨਰ ਸਨ। ਉਹ ਯੋਗ ਕੁਸ਼ਲ ਪ੍ਰਬੰਧਕ ਸਨ।

1948-49 ਵਿੱਚ ਉਹਨਾਂ ਨੂੰ ਜ਼ਲ੍ਹਿਾ ਅੰਬਾਲਾ ਵਿਖੇ ਡੀ.ਸੀ. ਲਗਾਇਆ ਗਿਆ। 1949-51 ਵਿੱਚ ਉਹ ਪੰਜਾਬ ਦੇ ਪੁਨਰਵਾਸ ਵਿਭਾਗ ਦੇ ਐਡੀਸ਼ਨਲ ਡਾਇਰੈਕਟਰ ਜਨਰਲ ਬਣੇ। ਉਹਨਾਂ 4 ਲੱਖ ਤੋਂ ਵੱਧ ਪੰਜਾਬੀਆਂ ਨੂੰ ਆਪਣੀਆਂ ਛੱਡੀਆਂ ਹੋਈਆਂ ਉਪਜਾਊ ਜ਼ਮੀਨਾਂ ਬਦਲੇ ਜ਼ਮੀਨਾਂ ਦੀ ਵੰਡ ਇਸ ਨਿਰਪੱਖਤਾ ਨਾਲ ਕੀਤੀ ਕਿ ਬਹੁਤ ਘੱਟ ਲੋਕਾਂ ਨੂੰ ਸ਼ਿਕਾਇਤ ਕਰਨ ਦਾ ਮੌਕਾ ਮਿਲਿਆ। ਉਹ 1951-53 ਵਿੱਚ ਅੰਬਾਲਾ ਮੰਡਲ ਦੇ ਕਮਿਸ਼ਨਰ ਬਣੇ। 1953-55 ਵਿੱਚ ਉਹ 'ਵਿਕਾਸ ਤੇ ਪੁਨਰਵਾਸ ਵਿਭਾਗ ਦੇ ਕਮਿਸ਼ਨਰ ਨਿਯੁਕਤ ਹੋਏ। 1955 ਵਿੱਚ ਉਹ ਭਾਰਤੀ ਖੇਤੀ ਮੰਤਰਾਲੇ ਦੀ ਕੌਂਸਲ ਦੇ ਐਡੀਸ਼ਨਲ ਸਕੱਤਰ ਵੀ ਰਹੇ।

ਪੰਜਾਬ ਵਿੱਚ ਕਮਿਊਨਿਟੀ ਵਿਕਾਸ ਯੋਜਨਾ ਦੇ ਸ਼ੁਰੂ ਹੋਣ ਮਗਰੋਂ ਕਈ ਸਾਲ ਉਹ ਇਸ ਵਿਭਾਗ ਦੇ ਵਿਕਾਸ ਕਮਿ-ਸ਼ਨਰ ਰਹੇ। ਉਹਨਾਂ ਨੂੰ 'ਭਾਰਤ ਦੀ ਹਰੀ ਕ੍ਰਾਂਤੀ' ਦਾ ਪਿਤਾਮਾ ਵੀ ਕਿਹਾ ਜਾਂਦਾ ਹੈ। ਉਹ ਤਿੰਨ ਸਾਲ ਚੰਡੀਗੜ੍ਹ ਦੇ ਕਮਿਸ਼ਨਰ ਰਹੇ। ਉਹਨਾਂ ਦੀ ਪਾਰਖੂ ਨਜ਼ਰ ਨੇ ਚੰਡੀਗੜ੍ਹ ਨੂੰ 'ਗੁਲਾਬਾਂ ਦਾ ਸ਼ਹਿਰ' ਬਣਾ ਦਿੱਤਾ। ਚੰਡੀਗੜ੍ਹ ਪੰਜਾਬੀ ਕਲਾ, ਨਾਚ, ਸੰਗੀਤ ਅਤੇ ਕਵਿਤਾ ਦੀਆਂ ਧੁਨੀਆਂ ਨਾਲ ਗੂੰਜਣ ਲੱਗਿਆ।

ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਉਹ 1970 ਤੋਂ 1986 ਤੀਕ ਪ੍ਰਧਾਨ ਰਹੇ। ਉਨ੍ਹਾਂ ਨਾਲ 1984 ਤੋਂ 1986 ਤੀਕ ਤਿੰਨ ਸਾਲ ਇਸ ਅਕਾਡਮੀ ਵਿੱਚ ਉਨ੍ਹਾਂ ਦੀ ਪ੍ਰਧਾਨਗੀ ਹੇਠ ਕਾਰਜਕਾਰਨੀ ਮੈਂਬਰ ਵਜੋਂ ਕੰਮ ਕਰਨ ਦਾ ਮੈਨੂੰ ਵੀ ਮੌਕਾ ਮਿਲਿਆ।

ਰਿਟਾਇਰ ਹੋ ਕੇ ਉਹ ਤਿੰਨ ਸਾਲ ਲਈ 'ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ' ਦੇ ਉਪ ਕੁਲਪਤੀ ਵੀ ਰਹੇ। ਉਹਨਾਂ ਦੇ ਸਮੇਂ ਯੂਨੀਵਰਸਿਟੀ ਖੋਜ ਅਤੇ ਸਿੱਖਿਆ ਦਾ ਸਰਵੋਤਮ ਕੇਂਦਰ ਬਣੀ। ਯੂਨੀਵਰਸਿਟੀ ਦੀ ਲਾਇਬਰੇਰੀ ਦਾ ਨਾਮ ਆਪ ਜੀ ਦੇ ਨਾਮ ਤੇ ਰੱਖਿਆ ਗਿਆ ਹੈ। 14 ਜਨਵਰੀ 1976 ਨੂੰ ਉਹ ਉਪ ਕੁਲਪਤੀ ਵਜੋਂ ਸੇਵਾਮੁਕਤ ਹੋਏ। ਡਾ. ਮਹਿੰਦਰ ਸਿੰਘ ਰੰਧਾਵਾ ਪ੍ਰਸ਼ਾਸਕੀ ਕਾਰਜਾਂ ਤੋਂ ਇਲਾਵਾ ਸਾਹਿਤ ਅਤੇ ਕਲਾ ਦੇ ਪ੍ਰੇਮੀ, ਇੱਕ ਉੱਘੇ ਵਿਗਿਆਨੀ, ਸੁੰਦਰਤਾ ਦੇ ਪਾਰਖੂ ਤੇ ਬਾਗ਼ਬਾਨੀ ਦੇ ਮਾਹਰ ਵੀ ਸਨ। ਉਹ ਸਾਹਿਤਕਾਰਾਂ ਅਤੇ ਕਲਾਕਾਰਾਂ ਦੇ ਸਰਪ੍ਰਸਤ ਵੀ ਸਨ।

ਦੇਸ਼ ਦੀ ਵੰਡ ਦੌਰਾਨ ਉੱਜੜੇ ਪੰਜਾਬੀਆਂ ਦੇ ਪੁਨਰਵਾਸ, ਚੰਡੀਗੜ ਸ਼ਹਿਰ ਦੀ ਸਥਾਪਨਾ ਅਤੇ ਪੰਜਾਬ ਦੀਆਂ ਕਲਾਵਾਂ ਦੇ ਦਸਤਾਵੇਜੀਕਰਣ ਵਿੱਚ ਪ੍ਰਮੁੱਖ ਭੂਮਿਕਾ ਨਿਭਾਈ। ਇਹ ਉਹਨਾਂ ਦੀ ਦ੍ਰਿੜ੍ਹਤਾ ਅਤੇ ਨਿਰਪੱਖਤਾ ਕਾਰਨ ਹੀ ਸੀ ਕਿ ਦੰਗਿਆਂ ਵਿੱਚ ਮਰਨ ਵਾਲਿਆਂ ਦੀ ਗਿਣਤੀ ਨੂੰ ਕਾਬੂ ਕਰ ਲਿਆ ਗਿਆ। ਇਸ ਤੋਂ ਬਾਅਦ ਉਹਨਾਂ ਆਪਣਾ ਘਰ ਖਰੜ ਵਿੱਚ 8 ਏਕੜੀ ਭੂਮੀ ਵਾਲੇ ਫਾਰਮ ਵਿੱਚ ਬਣਾਇਆ। ਡਾ. ਰੰਧਾਵਾ ਵਰਗੇ ਦੂਰਅੰਦੇਸ਼ੀ ਤੇ ਤੁਰੰਤ ਫ਼ੈਸਲਾ ਕਰਨ ਵਾਲੇ ਅਧਿਕਾਰੀ ਸਦਕਾ ਹੀ ਪਾਕਿਸਤਾਨ ਵਿੱਚੋਂ ਉੱਜੜ ਕੇ ਆਏ ਸ਼ਰਨਾਰਥੀਆਂ ਦੇ ਮੁੜ ਵਸੇਬੇ ਦੀ ਜ਼ੁੰਮੇਵਾਰੀ ਸੰਭਾਲੀ ਤੇ ਕੇਵਲ ਤਿੰਨ ਸਾਲਾਂ ਵਿੱਚ ਇਨ੍ਹਾਂ ਉੱਜੜੇ ਪਰਿਵਾਰਾਂ ਦਾ ਵਸੇਬਾ ਹੋ ਗਿਆ। ਉਹਨਾਂ ਨੂੰ ਜ਼ਮੀਨ ਤੇ ਘਰ ਦੇ ਦਿੱਤੇ ਗਏ। ਖਾਲੀ ਹੱਥ ਆਏ ਸ਼ਰਨਾਰਥੀਆਂ ਨੂੰ ਸਰਕਾਰ ਨੇ ਬਲਦ, ਬੀਜ, ਖੇਤੀ ਸੰਦ ਖਰੀਦਣ ਤੇ ਖੂਹ ਲਗਵਾਉਣ ਲਈ ਕਰਜ਼ੇ ਦਿੱਤੇ ਅਤੇ ਹੋਰ ਰਿਆਇਤਾਂ ਦਿੱਤੀਆਂ ਗਈਆਂ।

ਡਾ. ਐੱਮ ਐੱਸ ਰੰਧਾਵਾ ਬਾਰੇ ਸ਼ਿਵ ਕੁਮਾਰ ਦੀ ਇਹ ਕਮਾਲ ਦੀ ਕਵਿਤਾ ਤੁਸੀਂ ਵੀ ਪੜ੍ਹੋ।

~ਇੱਕ ਚਿਹਰਾ~

ਉਹ ਜਦ ਮਿਲਦਾ ਮੁਸਕਾਂਦਾ
ਤੇ ਗੱਲਾਂ ਕਰਦਾ ਹੈ
ਸਾਦ ਮੁਰਾਦਾ ਆਸ਼ਕ ਚਿਹਰਾ
ਝਮ ਝਮ ਕਰਦਾ ਹੈ
ਨਿਰਮਲ ਚੋਅ ਦੇ ਜਲ ਵਿਚ
ਪਹੁ ਦਾ ਸੂਰਜ ਤਰਦਾ ਹੈ
ਕੁਹਰਾਈਆਂ ਅੱਖੀਆਂ ਵਿਚ
ਘਿਉ ਦਾ ਦੀਵਾ ਬਲਦਾ ਹੈ
ਲੋਕ ਗੀਤ ਦਾ ਬੋਲ
ਦੰਦਾਸੀ ਅੱਗ ਵਿਚ ਸੜਦਾ ਹੈ
ਝਿੜੀਆਂ ਦੇ ਵਿਚ ਕਾਲਾ ਬੱਦਲ
ਛਮ ਛਮ ਵਰ੍ਹਦਾ ਹੈ
ਬੂਰੀਂ ਆਏ ਅੰਬਾਂ ਤੇ
ਪੁਰਵਈਆ ਵਗਦਾ ਹੈ
ਕਾਲੇ ਰੜੀਂ ਪਹਾੜੀਂ
ਹਾੜ੍ਹ ਫੰਬਾ ਤਰਦਾ ਹੈ
ਪੀਰ ਫ਼ਕੀਰ ਕੋਈ ਸਾਈਂ ਬੈਠਾ
ਦੋਹੜੇ ਪੜ੍ਹਦਾ ਹੈ
ਤਕੀਏ ਉੱਗਿਆ ਬੋਹਰ ਦਾ ਬੂਟਾ
ਚੁੱਪ ਤੋਂ ਡਰਦਾ ਹੈ
ਵਣਜਾਰੇ ਦੀ ਅੱਗ ਦਾ ਧੂੰਆਂ
ਬੇਹ ਤੇ ਤਰਦਾ ਹੈ
ਮੜ੍ਹੀਆਂ ਵਾਲਾ ਮੰਦਰ
ਰਾਤੀਂ ਗੱਲਾਂ ਕਰਦਾ ਹੈ।

ਇੱਕ ਵਿਗਿਆਨੀ ਹੋਣ ਕਾਰਨ ਉਹਨਾਂ ਨੂੰ ਬੂਟਿਆਂ ਨਾਲ ਪਿਆਰ ਸੀ ਅਤੇ ਉਹਨਾਂ ਕਾਈ ਤੇ ਉੱਲੀ ਉੱਤੇ ਖੋਜ ਵੀ ਕੀਤੀ। ਪਿੰਡਾਂ ਵਿੱਚ ਫਿਰਦਿਆਂ ਡਾ. ਰੰਧਾਵਾ ਨੇ ਮਹਿਸੂਸ ਕੀਤਾ ਕਿ ਕਿਸਾਨਾਂ ਦੀ ਮਾਲਕੀ ਜ਼ਮੀਨ ਕਈ ਟੁਕੜਿਆਂ ਵਿੱਚ ਵੰਡੀ ਹੋਈ ਹੈ। ਉਹਨਾਂ ਨੇ ਮੁਰੱਬੇਬੰਦੀ ਕਰਨ ਦਾ ਫ਼ੈਸਲਾ ਕੀਤਾ। ਇਸ ਨਾਲ ਜਿੱਥੇ ਕਿਸਾਨਾਂ ਦੀ ਜ਼ਮੀਨ ਇੱਕ ਥਾਂ ਇਕੱਠੀ ਹੋ ਗਈ, ਉੱਥੇ ਸੜਕਾਂ ਵੀ ਸਿੱਧੀਆਂ ਬਣ ਗਈਆਂ। ਪਗਡੰਡੀਆਂ ਤੇ ਰਾਹਾਂ ਹੇਠ ਆਈ ਜ਼ਮੀਨ ਵੀ ਮੁਕਤ ਹੋਈ। ਇੰਜ ਵਾਹੀ ਹੇਠ ਰਕਬੇ ਵਿੱਚ ਵਾਧਾ ਹੋਇਆ ਤੇ ਕਿਸਾਨਾਂ ਨੂੰ ਇੱਕ ਥਾਂ ਖੂਹ ਲਗਵਾਉਣਾ ਸੌਖਾ ਹੋ ਗਿਆ। ਰੰਧਾਵਾ ਸਾਹਿਬ ਨੇ ਖੂਹ ਜਾਂ ਟਿਊਬਵੈੱਲ ਲਾਉਣ ਲਈ ਸਰਕਾਰ ਵੱਲੋਂ ਕਰਜ਼ੇ ਦਾ ਪ੍ਰਬੰਧ ਕਰਵ-ਾਇਆ। ਜਦੋਂ ਡਾ. ਰੰਧਾਵਾ ਨੇ ਪੰਜਾਬ ਦੇ ਹਰੇਕ ਜ਼ਲ੍ਹਿੇ ਵਿੱਚ ਇੱਕ ਗਾਰਡਨ ਕਲੋਨੀ ਬਣਾਈ। ਇੱਕ ਅਜਿਹਾ ਪਿੰਡ ਚੁਣਿਆ ਗਿਆ ਜਿੱਥੇ ਸਾਰੇ ਹੀ ਸ਼ਰਨਾਰਥੀ ਸਨ ਤੇ ਉਹਨਾਂ ਨੂੰ ਕੁਝ ਰਕਬੇ ਵਿੱਚ ਬਾਗ਼ ਲਗਾਉਣਾ ਜ਼ਰੂਰੀ ਕੀਤਾ ਗਿਆ। ਖੇਤੀਬਾੜੀ ਵਿਭਾਗ ਨੇ ਕਿਸਾਨਾਂ ਨੂੰ ਫਲਦਾਰ ਬੂਟੇ ਤੇ ਤਕਨੀਕੀ ਜਾਣਕਾਰੀ ਦਿੱਤੀ। ਭਾਵੇਂ ਬਹੁਤੇ ਬਗੀਚੇ ਪੁੱਟੇ ਜਾ ਚੁੱਕੇ ਹਨ ਪਰ ਇਨ੍ਹਾਂ ਖੇਤਾਂ ਵਿੱਚ ਸਬਜ਼ੀਆਂ ਵਿਸ਼ੇਸ਼ ਕਰਕੇ ਆਲੂਆਂ ਦੀ ਕਾਸ਼ਤ ਸ਼ੁਰੂ ਹੋ ਗਈ ਹੈ। ਇੰਜ ਪੰਜਾਬ ਵਿੱਚ ਸਬਜ਼ੀਆਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਦਾ ਸਿਹਰਾ ਵੀ ਉਹਨਾਂ ਦੇ ਸਿਰ ਹੀ ਬੱਝਦਾ ਹੈ। ਪੰਜਾਬ ਦੀਆਂ ਸੜਕਾਂ ਉੱਤੇ ਲੱਗੇ ਫੁੱਲਦਾਰ ਰੁੱਖ ਅਤੇ ਝਾੜੀਆਂ ਡਾ. ਰੰਧਾਵਾ ਦੀ ਸੋਚ ਦਾ ਹੀ ਨਤੀਜਾ ਹਨ। ਭਾਰਤ ਵਿੱਚ ਹਰੇ ਇਨਕਲਾਬ ਦੀ ਆਮਦ ਉਹਨਾਂ ਦੀ ਦੇਖ-ਰੇਖ ਵਿੱਚ ਹੋਈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀ ਸਥਾਪਨਾ ਵਿੱਚ ਉਹਨਾਂ ਦਾ ਅਹਿਮ ਯੋਗਦਾਨ ਰਿਹਾ। ਆਪਣੀ ਸੇਵਾਮੁਕਤੀ ਪਿੱਛੋਂ ਉਹ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਦੂਜੇ ਵਾਈਸ ਚਾਂਸਲਰ ਬਣੇ।

## ਮਾਲਵੇ ਦੀ ਰੂਹਦਾਰੀ ਜਾਣਦੇ ਕਵੀਸ਼ਰ ਬਾਬੂ ਰਜਬ ਅਲੀ ਜੀ



ਪਹਿਲੀ ਵਾਰ ਡਾ. ਆਤਮ ਹਮਰਾਹੀ ਜੀ ਦੇ ਮੂੰਹੋਂ ਬਾਬੂ ਰਜਬ ਅਲੀ ਜੀ ਦਾ ਨਾਮ ਸੁਣਿਆ ਸੀ। ਉਨ੍ਹਾਂ ਰਾਹੀ ਹੀ ਪਹਿਲੀ ਵਾਰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿੱਚ ਡਾ. ਮ ਸ ਰੰਧਾਵਾ ਸਨਮੁਖ ਬਾਬੂ ਰਜਬ ਅਲੀ ਜੀ ਦੇ ਸ਼ਾਗਿਰਦ ਗੁਰਦੇਵ ਸਿੰਘ ਸਾਹੋਕੇ ਤੇ ਸਾਥੀਆਂ ਨੇ ਉਨ੍ਹਾਂ ਦਾ ਕਲਾਮ ਕਵੀਸ਼ਰੀ ਸਰੂਪ ਵਿੱਚ ਸੁਣਾਇਆ ਸੀ। ਫਿਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਇਸੇ ਜਥੇ ਨੂੰ ਡਾਃ ਆਤਮ ਹਮਰਾਹੀ ਰਾਹੀਂ ਅੰਮ੍ਰਿਤਸਰ ਵਿਖੇ ਬੁਲਾ ਕੇ ਸਰੋਤਿਆ ਸਨਮੁਖ ਪੇਸ਼ ਕੀਤਾ। ਡਾ. ਰੁਲੀਆ ਸਿੰਘ ਸਿੱਧੂ ਨੇ ਬਾਬੂ ਰਜਬ ਅਲੀ ਤੇ ਪਹਿਲੀ ਪੀ ਐੱਚ ਡੀ ਕਰਕੇ ਇਤਿਹਾਸ ਰਚਿਆ। ਹੁਣ ਅਨੇਕਾਂ ਲੋਕ ਪੀ ਐੱਚ ਡੀ ਤੇ ਐੱਮ ਫਿੱਲ ਦੀ ਡਿਗਰੀ ਕਰ ਚੁਕੇ ਹਨ।

ਬਾਬੂ ਰਜਬ ਅਲੀ ਜੋ ਬਾਬੂ ਜੀ ਦੇ ਨਾਂ ਨਾਲ਼ ਵੀ ਜਾਣੇ ਜਾਂਦੇ ਹਨ, ਪੰਜਾਬ ਅਤੇ ਖ਼ਾਸ ਕਰ ਮਾਲਵੇ ਦੇ ਇੱਕ ਉੱਘੇ ਕਵੀਸ਼ਰ ਸਨ। ਉਹਨਾਂ ਨੂੰ ਕਵੀਸ਼ਰੀ ਦਾ ਬਾਦਸ਼ਾਹ ਕਿਹਾ ਜਾਂਦਾ ਹੈ।

ਬਾਬੂ ਰਜਬ ਅਲੀ ਜੀ ਦਾ ਜਨਮ ਦਾ ਨਾਮ ਰਜਬ ਅਲੀ ਖ਼ਾਨ
ਸੀ ਪਰ ਉਹ ਪੂਰੀ ਉਮਰ ਬਾਬੂ ਰਜਬ ਅਲੀ ਦੇ ਨਾਮ ਨਾਲ ਜਾਣੇ ਜਾਂਦੇ ਰਹੇ।

10 ਅਗਸਤ 1894 ਨੂੰ
ਸਾਹੋਕੇ, ਜ਼ਿਲਾ ਫਿਰੋਜ਼ਪੁਰ (ਹੁਣ, ਜ਼ਿਲਾ ਮੋਗਾ) ਵਿੱਚ ਜਨਮੇ ਬਾਬੂ ਰਜਬ ਅਲੀ ਮਈ 6, 1979 ਨੂੰ 84ਸਾਲ ਦੀ ਉਮਰ ਭੋਗ ਕੇ ਸਾਨੂੰ ਸਦਾ ਲਈ ਛੱਡ ਗਏ।

ਪਿਤਾ ਧਮਾਲੀ ਖ਼ਾਨ ਦੇ ਘਰ ਮਾਂ ਜੀਉਣੀ ਦੀ ਕੁੱਖੋਂ ਬਰਤਾਨਵੀ ਪੰਜਾਬ ਦੇ ਜ਼ਿਲਾ ਫ਼ਿਰੋਜ਼ਪੁਰ (ਹੁਣ ਮੋਗਾ) ਦੇ ਪਿੰਡ ਸਾਹੋਕੇ ਵਿਖੇ ਜਨਮੇ ਬਾਬੂ ਜੀ ਦੀਆਂ ਚਾਰ ਭੈਣਾਂ ਅਤੇ ਇੱਕ ਛੋਟਾ ਭਰਾ ਸੀ। ਉਸ ਦੇ ਚਾਚਾ ਹਾਜੀ ਰਤਨ ਵੀ ਕਵੀਸ਼ਰ ਸਨ।

ਉਹਨਾਂ ਨੇ ਨੇੜਲੇ ਪਿੰਡ ਬੰਬੀਹਾ ਭਾਈ ਤੋਂ ਮੁੱਢਲੀ ਸਿੱਖਿਆ ਹਾਸਲ ਕੀਤੀ ਅਤੇ ਫਿਰ 1912 ਵਿੱਚ ਬਰਜਿੰਦਰਾ ਹਾਈ ਸਕੂਲ ਫ਼ਰੀਦਕੋਟ ਤੋਂ ਦਸਵੀਂ ਪਾਸ ਕੀਤੀ।

ਉਹ ਚੰਗੇ ਅਥਲੀਟ ਅਤੇ ਫੁੱਟਬਾਲ ਖਿਡਾਰੀ ਸਨ ਅਤੇ ਆਪਣੇ ਸਕੂਲ ਦੀ ਕ੍ਰਿਕਟ ਟੀਮ ਦੇ ਕਪਤਾਨ ਵੀ ਸਨ। ਬਾਅਦ ਗੁਜਰਾਤ (ਹੁਣ ਪਾਕਿਸਤਾਨ)ਜ਼ਲਿ ਦੇ ਰਸੂਲ ਇੰਜਨੀਰਿੰਗ ਸਕੂਲ ਤੋਂ ਸਿਵਲ ਇੰਜਨੀਅਰਿੰਗ ਪਾਸ ਕੀਤੀ ਜਿਸ ਨੂੰ ਉਸ ਵੇਲ਼ੇ ਪੰਜਾਬ ਵਿੱਚ ਓਵਰਸੀਅਰੀ ਕਿਹਾ ਜਾਂਦਾ ਸੀ। ਆਪ ਨੇ ਪੰਜਾਬ ਦੇ ਸਿੰਚਾਈ ਮਹਿਕਮੇ ਵਿੱਚ ਸਾਰੀ ਉਮਰ ਓਵਰਸੀਅਰ ਦੀ ਨੌਕਰੀ ਕੀਤੀ। ਲੰਮਾ ਸਮਾਂ ਉਹ ਅਖਾੜਾ(ਜਗਰਾਉਂ) ਵਿਖੇ ਵੀ ਨੌਕਰੀ ਕਰਦੇ ਰਹੇ।

ਜਗਰਾਉਂ ਦੀ ਵਰਤਮਾਨ ਵਿਧਾਇਕ ਸਰਬਜੀਤ ਕੌਰ ਮਾਣੂਕੇ ਨੇ ਇਹ ਮੈਨੂੰ ਦੱਸਿਆ ਹੈ ਕਿ ਉਨ੍ਹਾਂ ਨੇ ਪੰਜਾਬ ਸਰਕਾਰ ਨੂੰ ਲਗਪਗ 8 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਅਖਾੜਾ ਪੁਲ ਦਾ ਨਾਮ ਬਾਬੂ ਰਜਬ ਅਲੀ ਦੇ ਨਾਮ ਕਰਨ ਦੀ ਬੇਨਤੀ ਕੀਤੀ ਹੋਈ ਹੈ। ਰੱਬ ਕਰੇ, ਇਹ ਬੇਨਤੀ ਪਰਵਾਨ ਹੋਵੇ।

ਬਾਬੂ ਰਜਬ ਅਲੀ ਜੀ ਦੇ ਚਾਰ ਵਿਆਹ, ਦੌਲਤ ਬੀਬੀ, ਭਾਗੋ ਬੇਗਮ, ਰਹਿਮਤ ਬੀਬੀ ਅਤੇ ਫ਼ਾਤਿਮਾ ਨਾਲ਼ ਹੋਏ ਅਤੇ ਇਹਨਾਂ ਦੇ ਘਰ ਚਾਰ ਪੁੱਤਰ, ਅਦਾਲਤ ਖ਼ਾਨ, ਅਲੀ ਸਰਦਾਰ, ਸ਼ਮਸ਼ੇਰ ਖ਼ਾਨ ਅਤੇ ਅਕਾਲ ਖ਼ਾਨ ਅਤੇ ਦੋ ਧੀਆਂ, ਸ਼ਮਸ਼ਾਦ ਬੇਗਮ ਅਤੇ ਗੁਲਜ਼ਾਰ ਬੇਗਮ ਨੇ ਜਨਮ ਲਿਆ।

ਬਾਬੂ ਜੀ ਆਪਣੀ ਪਹਿਲੀ ਕਵਿਤਾ, ਹੀਰ ਬਾਬੂ ਰਜਬ ਅਲੀ, ਨਾਲ਼ ਕਵੀਸ਼ਰੀ ਦੀ ਦੁਨੀਆਂ ਵਿੱਚ ਦਾਖ਼ਲ ਹੋਏ ਅਤੇ 1940 ਵਿੱਚ ਆਪਣੀ ਸਿਰਜਣਾ ਨਾਲ਼ ਸਮਝੌਤਾ ਨਾ ਕਰਦੇ ਹੋਏ ਨੌਕਰੀ ਛੱਡ ਦਿੱਤੀ।

ਬਾਬੂ ਜੀ ਪੰਜਾਬੀ ਅਤੇ ਉਰਦੂ ਅਤੇ ਕੁਝ ਕੁ ਅਰਬੀ, ਫ਼ਾਰਸੀ ਅਤੇ ਅੰਗਰੇਜ਼ੀ ਵੀ ਜਾਣਦੇ ਸਨ ਪਰ ਉਹਨਾਂ ਦੀ ਕਵਿਤਾ ਦਾ ਸਿਰਫ਼ ਪੰਜਾਬੀ ਵਿੱਚ ਹੋਣਾ ਪੰਜਾਬ ਅਤੇ ਪੰਜਾਬੀ ਪ੍ਰਤੀ ਉਹਨਾਂ ਦੇ ਪਿਆਰ ਨੂੰ ਜ਼ਾਹਰ ਕਰਦਾ ਹੈ।

ਉਹਨਾਂ ਨੇ ਤਕਰੀਬਨ ਇੱਕ ਦਰਜਨ ਕਿੱਸੇ ਅਤੇ ਕਵਿਤਾਵਾਂ ਦੀਆਂ ਕਈ ਪੁਸਤਕਾਂ ਲਿਖੀਆਂ।

ਮੁੱਖ ਤੌਰ 'ਤੇ ਉਹਨਾਂ ਹਿੰਦੂ ਮਿਥਿਹਾਸ ਜਿਵੇਂ ਕਿ ਰਮਾਇਣ, ਪੂਰਨ ਭਗਤ ਅਤੇ ਕੌਲਾਂ, ਇਸਲਾਮੀ ਪੈਗੰਬਰ ਅਤੇ ਲੋਕ-ਨਾਇਕਾਂ ਜਿਵੇਂ ਕਿ ਮੁਹੰਮਦ ਸਾਹਿਬ, ਹਸਨ ਹੁਸੈਨ, ਦਹੂਦ ਬਾਦਸ਼ਾਹ ਅਤੇ ਸਿੱਖ ਇਤਿਹਾਸ ਅਤੇ ਨਾਇਕਾਂ ਜਿਵੇਂ ਗੁਰੂ ਅਰਜਨ ਦੇਵ ਦੀ ਸ਼ਹੀਦੀ, ਸਾਕਾ ਸਰਹੰਦ, ਸਾਕਾ ਚਮਕੌਰ, ਬਿਧੀ ਚੰਦ, ਭਗਤ ਸਿੰਘ ਅਤੇ ਦੁੱਲਾ ਭੱਟੀ ਆਦਿ ਬਾਰੇ ਕਵਿਤਾਵਾਂ ਅਤੇ ਕਿੱਸੇ ਲਿਖੇ ਅਤੇ ਗਾਏ। ਇਸ ਤੋਂ ਬਿਨਾਂ ਉਹਨਾਂ ਨੇ ਪੰਜਾਬ ਦੀ ਤਕਰੀਬਨ ਹਰ ਪ੍ਰੀਤ-ਕਹਾਣੀ ਬਾਰੇ ਕਵਿਤਾਵਾਂ ਲਿਖੀਆ ਜਿੰਨ੍ਹਾਂ ਵਿੱਚ ਹੀਰ ਰਾਂਝਾ, ਸੋਹਣੀ ਮਹੀਵਾਲ ਅਤੇ ਮਿਰਜ਼ਾ ਸਾਹਿਬਾਂ ਦੇ ਨਾਂ ਸ਼ਾਮਲ ਹਨ।

ਉਹਨਾਂ ਨੇ ਬਹੱਤਰ ਕਲਾ ਛੰਦ ਵਰਗੇ ਕੁਝ ਨਵੇਂ ਛੰਦ ਵੀ ਰਚੇ।ਅੱਜ ਵੀ ਪੰਜਾਬ ਦੇ ਬਹੁਤ ਕਵੀਸ਼ਰ ਅਤੇ ਉਹਨਾਂ ਦੇ ਵਿਦਿਆਰਥੀ ਉਹਨਾਂ ਦੀਆਂ ਲਿਖਤਾਂ ਨੂੰ ਹੀ ਗਾਉਂਦੇ ਹਨ

ਕਵੀਸ਼ਰ ਸੁਖਵਿੰਦਰ ਸਿੰਘ (ਪੱਕਾ ਕਲਾਂ) ਬਠਿੰਡਾ ਨੇ ਉਹਨਾਂ ਦੀ ਜ਼ਿੰਦਗੀ ਅਤੇ ਕੰਮਾਂ 'ਤੇ ਸੰਗਮ ਪਬਲੀਕੇਸ਼ਨਜ਼, ਸਮਾਣਾ ਰਾਹੀਂ ਕਈ ਕਿਤਾਬਾਂ ਛਪਵਾਈਆਂ ਹਨ। ਇਨ੍ਹਾਂ ਵਿੱਚੋਂ ਇੱਕ ਪੁਸਤਕ ਦਾ ਮੁੱਖ ਬੰਦ ਲਿਖਣ ਦਾ ਮੈਨੂੰ ਵੀ ਮਾਣ ਮਿਲਿਆ ਸੀ। ਉਨ੍ਹਾ ਦੀਆਂ ਚੋਣਵੀਆਂ ਕਿਤਾਬਾਂ ਹਨ

ਅਲਬੇਲਾ ਰਜਬ ਅਲੀ,ਅਨਮੋਲ ਰਜਬ ਅਲੀ,ਅਣਖੀਲਾ ਰਜਬ ਅਲੀ
ਰੰਗੀਲਾ ਰਜਬ ਅਲੀ,ਅਨੋਖਾ ਰਜਬ ਅਲੀ,ਦਸਮੇਸ਼ ਮਹਿਮਾ ਤੇ ਬਾਬੂ ਰਜਬ ਅਲੀ ਦੇ ਕਿੱਸੇ।

ਇਸ ਵਿੱਚ ਬਹੁਤੀ ਜਾਣਕਾਰੀ ਵਿਕੀਪੀਡੀਆ ਚੋਂ ਲੈ ਕੇ ਵਰਤ ਰਿਹਾਂ।

ਉਨ੍ਹਾਂ ਦੀ ਪੋਤਰੀ ਰੇਹਾਨਾ ਰਜਬ ਅਲੀ ਸਾਹੀਵਾਲ ਰਹਿੰਦੀ ਹੈ। ਪਿਛਲੇ ਸਾਲ ਲਾਹੌਰ ਵਿੱਚ ਹੋਈ ਵਿਸ਼ਵ ਪੰਜਾਬੀ ਅਮਨ ਕਾਨਫਰੰਸ ਵਿੱਚ ਮੈਨੂੰ ਤੇ ਮੇਰੀ ਜੀਵਨ ਸਾਥਣ ਜਸਵਿੰਦਰ ਕੌਰ ਨੂੰ ਲਾਹੌਰ ਉਚੇਚਾ ਮਿਲਣ ਆਈ। ਏਧਰਲੇ ਪੰਜਾਬ ਦੀ ਧੀ ਮੰਨ ਕੇ ਉਸ ਨੂੰ ਅਸਾਂ ਸਾਰਿਆਂ ਰਲ਼ ਕੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਵੱਲੋਂ ਫੁਲਕਾਰੀ ਦਾ ਸ਼ਗਨ ਦਿੱਤਾ।

ਪਾਕਿਸਤਾਨ ਵਿੱਚ ਅਜੇ ਤੀਕ ਵੀ ਬਹੁਤੇ ਲੋਕ ਬਾਬੂ ਰਜਬ ਅਲੀ ਦੀ ਅਦਬੀ ਹਸਤੀ ਤੋਂ ਨਾ ਵਾਕਿਫ਼ ਹਨ। ਹੁਣ ਅਸਾਂ ਕੋਸ਼ਿਸ਼ ਆਰੰਭੀ ਹੈ। ਆਸਿਫ਼ ਰਜ਼ਾ ਨੇ ਉਨ੍ਹਾਂ ਦਾ ਕਾਫ਼ੀ ਕਲਾਮ ਸ਼ਾਹਮੁਖੀ ਚ ਕਰ ਦਿੱਤਾ ਹੈ। ਮੁਨੀਰ ਹੋਸ਼ਿਆਰਪੁਰੀਆ ਨੇ ਵੀ ਕਿੱਸਾ ਹੀਰ ਰਾਂਝਾ ਸ਼ਾਹਮੁਖੀ ਚ ਤਿਆਰ ਕਰ ਲਿਐ। ਨੇੜ ਭਵਿੱਖ ਚ ਗੱਲ ਅੱਗੇ ਤੁਰੇਗੀ ਲਾਜ਼ਮੀ।

ਗੁਰਭਜਨ ਗਿੱਲ

2.

ਬਾਬੂ ਰਜਬ ਅਲੀ ਜੀ ਦੀ ਅਮਰ ਰਚਨਾ
ਆਵੇ ਵਤਨ ਪਿਆਰਾ ਚੇਤੇ
॥ਤਰਜ਼ ਅਮੋਲਕ॥

ਮੰਨ ਲਈ ਜੋ ਕਰਦਾ ਰੱਬ ਪਾਕਿ ਐ ।
ਆਉਂਦੀ ਯਾਦ ਵਤਨ ਦੀ ਖ਼ਾਕ ਐ ।
ਟੁੱਟ ਫੁੱਟ ਟੁਕੜੇ ਬਣ ਗਏ ਦਿਲ ਦੇ ।
ਹਾਏ ! ਮੈਂ ਭੁੱਜ ਗਿਆ ਵਾਂਗੂ ਖਿੱਲ ਦੇ ।
ਭੜਥਾ ਬਣ ਗਈ ਦੇਹੀ ਐ ।
ਵਿਛੜੇ ਯਾਰ ਪਿਆਰੇ, ਬਣੀ ਮੁਸੀਬਤ ਕੇਹੀ ਐ ?

ਜਾਂਦੇ ਲੋਕ ਨਗਰ ਦੇ ਰਸ ਬੂ ।
ਪਿੰਡ ਦੀ ਪਾਉਣ ਫੁੱਲਾਂ ਦੀ ਖ਼ਸ਼ਬੂ ।
ਹੋ ਗਿਆ ਜਿਗਰ ਫਾੜੀਉਂ-ਫਾੜੀ ।
ਵੱਢਦੀ ਚੱਕ ਚਿੰਤਾ ਬਘਿਆੜੀ,
ਹੱਡੀਆਂ ਸਿੱਟੀਆਂ ਚੱਬ ਤਾਂ ਜੀ ।
ਆਵੇ ਵਤਨ ਪਿਆਰਾ ਚੇਤੇ, ਜਦ ਖਿੱਚ ਪਾਉਣ ਮੁਹੱਬਤਾਂ ਜੀ ।

ਸੋਹਣੀਏ 'ਸਾਹੋ' ਪਿੰਡ ਦੀਏ ਵੀਹੇ ।
ਬਚਪਨ ਦੇ ਵਿਚ ਪੜ੍ਹੇ 'ਬੰਬੀਹੇ' ।
ਚੂਰੀ ਖੁਆ ਮਾਂ ਪਾਤੇ ਰਸਤੇ ।
ਚੱਕ ਲਏ ਕਲਮ ਦਵਾਤਾਂ ਬਸਤੇ ।
ਸ਼ੇਰ, ਨਿਰੰਜਣ, ਮਹਿੰਗੇ ਨੇ ।
ਭੁਲਦੀਆਂ ਨਾ ਭਰਜਾਈਆਂ, ਪਾਈਆਂ ਘੁੰਬਰਾਂ ਲਹਿੰਗੇ ਨੇ ।

ਪੰਜ ਪਾਸ ਕਰਕੇ ਤੁਰ ਗਏ ਮੋਗੇ ।
ਮਾਪਿਆਂ ਜਿਉਂਦਿਆਂ ਤੋਂ ਸੁਖ ਭੋਗੇ ।
ਪੈਸੇ ਖਾ ਮਠਿਆਈਆਂ ਬਚਦੇ ।
ਵੇਂਹਦੇ ਸ਼ਹਿਰ ਸੜਕ ਪਰ ਨਚਦੇ,
ਠੁੰਮ੍ਹ ਠੁੰਮ੍ਹ ਚਕਦੇ ਪੱਬ ਤਾਂ ਜੀ ।
ਆਵੇ ਵਤਨ ਪਿਆਰਾ ਚੇਤੇ, ਜਦ ਖਿੱਚ ਪਾਉਣ ਮੁਹੱਬਤਾਂ ਜੀ ।

ਕਰ ਐਂਟਰੈਂਸ ਪਾਸ ਸਕੂਲੋਂ ।
ਓਵਰਸੀਅਰ ਬਣੇਂ ਰਸੂਲੋਂ ।
ਜ਼ਿਲੇ ਪਸ਼ੌਰ ਨਹਿਰ ਵਿੱਚ ਭਰਤੀ ।
ਦੌਲਤ ਪਾਣੀ ਵਾਂਗੂ ਵਰਤੀ ।
ਬਹੁਤ ਬਹਾਰਾਂ ਮਾਣੀਆਂ ।
ਸੁਰਖ਼ ਮਖ਼ਮਲਾਂ ਵਰਗੇ, ਫਿਰਨ ਪਠਾਣ ਪਠਾਣੀਆਂ ।

ਬਦਲੇ ਜਗਰਾਵਾਂ ਕੋਲੇ 'ਖਾੜੇ' ।
ਵਰ੍ਹਦੀਆਂ ਕਣੀਆਂ ਰੂਪ ਦੀਆਂ 'ਤਿਹਾੜੇ' ।
ਅਫ਼ਲਾਤੂਨ ਵਰਗੀਆਂ ਅਕਲਾਂ ।
ਗੱਭਰੂ ਮੁਟਿਆਰਾਂ ਪਰ ਸ਼ਕਲਾਂ,
ਸੋਹਣੀ ਬਣ ਗਈ ਛੱਬ ਤਾਂ ਜੀ ।
ਆਵੇ ਵਤਨ ਪਿਆਰਾ ਚੇਤੇ, ਜਦ ਖਿੱਚ ਪਾਉਣ ਮੁਹੱਬਤਾਂ ਜੀ ।

ਜਬ ਜੰਗ ਕਰਦੇ ਬਿਰਟਸ਼-ਜਰਮਣ ।
'ਬਸਰੇ' ਵਗ ਗਿਆ ਮਾਂ ਦਾ ਸਰਬਣ ।
ਮੁਲਕ ਉਹ ਕੋਹਾਂ ਕਾਫ਼ਾਂ ਤੋਂ ਨੇੜੇ ।
ਮਾਰੇ ਸਬਜ਼ ਸ਼ਹਿਰ ਵੱਲ ਗੇੜੇ,
ਵਹਾਂ ਟਿਕਾਣੇ ਪਰੀਆਂ ਦੇ ।
ਅਜਬ ਨਜਾਰੇ ਦੇਖੇ, ਰੱਬ ਦੀਆਂ ਕਾਰਾਗਰੀਆਂ ਦੇ ।

ਮੁੜ ਪਿਆ ਵੇਖਣ ਪਿੰਡ ਦੀਆਂ ਗਲੀਆਂ ।
ਪਿੰਡ ਦੀਆਂ ਮਿੱਟੀਆਂ, ਖੰਡ ਦੀਆਂ ਡਲੀਆਂ ।
ਬਾਂਕੇ ਗੱਭਰੂ ਦਿਲ ਨੂੰ ਮੋਹਣੇ ।
ਬਿਲਡਿੰਗ ਨਿਊਯਾਰਕ ਤੋਂ ਸੋਹਣੇ,
ਰਹੇ ਚੁਬਾਰੇ ਫੱਬ ਤਾਂ ਜੀ ।
ਆਵੇ ਵਤਨ ਪਿਆਰਾ ਚੇਤੇ, ਜਦ ਖਿੱਚ ਪਾਉਣ ਮੁਹੱਬਤਾਂ ਜੀ ।

ਮੁਕਤਸਰ, ਢਿੱਪਾਂ ਵਾਲੀ, ਮਹਾਂ ਵੱਧਰ ।
ਨੀਤਾਂ ਸਾਫ਼, ਦਿਲਾਂ ਦੇ ਪੱਧਰ ।
ਲੋਗ ਐ ਇਨ ਨਗਰਾਂ ਦੇ ਦਾਤੇ ।
ਮਾਘੀ ਨ੍ਹਾਉਣ 'ਤੇ ਬੋਹਲ ਲੁਟਾ ਤੇ ।
ਦਾਣੇ ਪੀਹਣ ਮਸ਼ੀਨਾਂ ਤੇ ।
ਬਚੜੇ ਜਿਉਣ ਸਦਾ ਸੁਖ ਮਾਣਨ, ਬਣ ਗਿਆ ਸੁਰਗ ਜ਼ਮੀਨਾਂ ਤੇ ।

ਖ਼ੁਸ਼ੀਆਂ ਕਰਨ ਦੀਵਾਨ ਲਗਾਉਂਦੇ ।
ਸੈਣੇ ਵਜਦੇ ਸ਼ਬਦ ਸੁਣਾਉਂਦੇ ।
ਆਉਂਦੇ ਪਰਚਾਰਕ ਤੇ ਢਾਡੀ,
ਤੜਕੇ ਉੱਠ ਕੇ ਧੋਂਦੇ ਬਾਡੀ,
ਸ਼ਾਇਰ ਸੁਣਾਉਂਦੇ ਕਬਤਾਂ ਜੀ ।
ਆਵੇ ਵਤਨ ਪਿਆਰਾ ਚੇਤੇ, ਜਦ ਖਿੱਚ ਪਾਉਣ ਮੁਹੱਬਤਾਂ ਜੀ ।

ਆ ਗਏ ਬਦਲ ਮੁਕਤਸਰੋਂ 'ਢਹਿਪਈ' ।
ਬਾਗ਼ੀਂ ਬੁਲਬੁਲ ਕਰੇ ਚਹਿਚਹਿ ਪਈ ।
ਵੇਖੇ ਕੋਟ ਫ਼ਰੀਦ ਦੁਸਹਿਰੇ ।
ਹੋਵਣ ਲਗਦੇ ਫ਼ੈਰ ਦੁਪਹਿਰੇ,
ਤੋਪਚੀ ਤੋਪ ਚਲਾਵਣ ਜੀ ।
ਪਾਪ ਕਰਿਉ ਨਾ, ਪਾਪੀ, ਹਰ ਸਾਲ ਸੜਦਾ ਰਾਵਣ ਜੀ ।

ਆ ਗਏ 'ਕੈਰੇ' ਬੜੀ ਆਬਾਦੀ,
ਚਾਹਾਂ ਪੀ ਕੇ ਗੁੱਡਣ ਕਮਾਦੀ ।
ਲਾ ਲਏ ਖੇਤ-ਖੇਤ ਵਿੱਚ ਕੂੰਏਂ,
ਖੰਡ ਦੀਆਂ ਡਲੀਆਂ ਨਿਕਲਣ ਧੂੰਏਂ,
ਖਾਂਡ ਬਣਾਉਂਦੇ ਸਭ ਤਾਂ ਜੀ ।
ਆਵੇ ਵਤਨ ਪਿਆਰਾ ਚੇਤੇ, ਜਦ ਖਿੱਚ ਪਾਉਣ ਮੁਹੱਬਤਾਂ ਜੀ ।

ਫੇਰ ਮੈਨੂੰ 'ਚੱਕ' ਦਾ ਸੈਕਸ਼ਨ ਦੇ ਗੇ ।
ਜੱਗੂ ਰਾਮਣ ਜਾਂਦੇ ਬੇਗੇ ।
ਸੋਹਣੇ ਮਿਰਜ਼ੇ ਵਰਗੇ ਲਾੜੇ,
ਬੱਬਰ ਮਾਰ ਸੰਗੀਨਾਂ ਪਾੜੇ,
ਚੜ੍ਹ ਕੇ 'ਚੱਕ' ਨੂੰ ਜਾਣਾ ਸੀ ।
ਪੁਲਸੀਆਂ ਵਰਗੀ ਬਿਰਜਸ ਮੇਰਾ ਖਾਖੀ ਬਾਣਾ ਸੀ ।

ਜਾਂ ਮੈਂ ਆਉਂਦੇ ਵੇਖੇ ਜਮ 'ਜਹੇ ।
ਮੇਰੇ ਉਖੜੇ ਫਿਰਦੇ ਦਮ ਜਹੇ ।
ਦੂਰੋਂ ਵੇਖ ਮੈਂ ਦੇ ਗਿਆ ਤੀੜਾਂ ।
ਮੇਰੀਆਂ ਪੈਂਦੀਆਂ ਜਾਣ ਪਦੀੜਾਂ,
ਉਡਦੀ ਜਾਂਦੀ ਗੱਬ ਤਾਂ ਜੀ ।
ਆਵੇ ਵਤਨ ਪਿਆਰਾ ਚੇਤੇ, ਜਦ ਖਿੱਚ ਪਾਉਣ ਮੁਹੱਬਤਾਂ ਜੀ ।

'ਸੀਤੋ', 'ਬਿਸ਼ਨਪੁਰੇ', 'ਸੁਖਚੈਨ' ਐ ।
ਏਧਰ ਮਿਰਗ ਜ਼ਿਆਦਾ ਰਹਿਣ ਐ ।
ਮੁਛਦੇ ਫਿਰਦੇ ਹਾੜੀ ਸਾਉਣੀ ।
ਹੀਰਿਆਂ ਹਰਨਾਂ ਜਿਹਾਂ ਦੀ ਛਾਉਣੀ ।
ਹੈ ਵਿੱਚ ਖੁਲ੍ਹੀਆਂ ਰੋਹੀਆਂ ਦੇ ।
ਵੜਨ ਨਾ ਦੇਣ ਸ਼ਿਕਾਰੀ, ਬਾਰਾਂ ਪਿੰਡ ਬਿਸ਼ਨੋਈਆਂ ਦੇ ।

'ਤਿਹੁਣੇ', 'ਰਾਇਕੇ', 'ਮਾਹੂਆਣੇ' ।
'ਬਾਦਲ', 'ਖੁੱਡੀਆਂ', 'ਅਬੁਲ-ਖੁਰਾਣੇ',
ਕੁੱਲ ਸਰਦਾਰ ਨਵਾਬਾਂ ਵਰਗੇ,
ਕੋਠੇ ਨਰਮਿਆਂ ਦੇ ਨਾਲ ਭਰ ਗੇ,
ਇਨ ਪਰ ਰਾਜ਼ੀ ਰੱਬ ਤਾਂ ਜੀ ।
ਆਵੇ ਵਤਨ ਪਿਆਰਾ ਚੇਤੇ, ਜਦ ਖਿੱਚ ਪਾਉਣ ਮੁਹੱਬਤਾਂ ਜੀ ।

ਬੈਠਾ 'ਬਾਜਕ', 'ਲੰਬੀ', 'ਸਹੁਜਾਂ' ।
'ਜੰਘੀਰਾਣੇ' ਲੈ ਲੀਆਂ ਮੌਜਾਂ ।
'ਝੁੰਬਾ', 'ਗਿਦੜਵਾਹਾ' ਤੇ 'ਚੁੱਘੇ' ।
'ਬਾਬੂ ਰਜਬ ਅਲੀ' ਹੋਸ ਗਏ ਉੱਘੇ ।
ਮੇਲੇ ਵੇਖ ਬਠਿੰਡੇ ਜੀ ।
ਖਾੜੇ ਫ਼ਤਹਿ, ਅਜ਼ੀਜ਼ ਲਗਾਉਂਦੇ, ਜੈਸੇ ਟੀਕਣ ਬਿੰਡੇ ਜੀ ।

ਸੁਣ ਜਗਮੇਲ, ਬਸੰਤ ਪਿਆਰਿਉ ।
ਪਰ ਜਿੰਦ ਰੱਬ ਦੇ ਨਾਂ ਤੇ ਵਾਰਿਉ ।
ਪੈਂਦਾ ਸੁੱਤਾ ਜਾਗ ਨਸੀਬਾ ।
ਜਾਂਦਾ ਕਿਸਮਤ ਦੇ ਨਾਲ ਬੀਬਾ,
ਜਨਮ ਅਮੋਲਕ ਲੱਭ ਤਾਂ ਜੀ ।
ਆਵੇ ਵਤਨ ਪਿਆਰਾ ਚੇਤੇ, ਜਦ ਖਿੱਚ ਪਾਉਣ ਮੁਹੱਬਤਾਂ।


CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents


The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.

Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.



Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




# ਪੰਜਾਬ ਪੁਲਿਸ ਨੇ ਗੰਨ ਹਾਊਸ ਚੋਰੀ ਮਾਮਲੇ 'ਚ ਦੋ ਮੁਲਜ਼ਮਾਂ ਨੂੰ ਕੀਤਾ ਗ੍ਰਿਫ਼ਤਾਰ, ਚੋਰੀ ਦੇ 12 ਹਥਿਆਰ ਬਰਾਮਦ

## ਗ੍ਰਿਫ਼ਤਾਰ ਦੋਸ਼ੀ ਅਜੀਤ ਗੋਲੂ ਅੰਮ੍ਰਿਤਸਰ 'ਚ 4.2 ਕਿਲੋ ਸੋਨੇ ਦੀ ਚੋਰੀ ਦੇ ਮਾਮਲੇ 'ਚ ਵੀ ਸ਼ਾਮਿਲ : ਸੀਪੀ ਗੁਰਪ੍ਰੀਤ ਭੁੱਲਰ

ਅੰਮ੍ਰਿਤਸਰ 6 ਮਾਰਚ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਵੱਡੀ ਸਫ਼ਲਤਾ ਹਾਸਲ ਕਰਦਿਆਂ ਗੰਨ ਹਾਊਸ ਚੋਰੀ ਮਾਮਲੇ ਦੇ ਦੋ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਇਸ ਮਾਮਲੇ ਦੀ ਗੁੱਥੀ ਨੂੰ ਸੁਲਝਾ ਦਿੱਤਾ ਹੈ। ਪੁਲਿਸ ਵੱਲੋਂ ਉਨ੍ਹਾਂ ਦੇ ਕਬਜ਼ੇ 'ਚੋਂ 12 ਹਥਿਆਰਾਂ ਸਮੇਤ 21 ਕਾਰਤੂਸ ਬਰਾਮਦ ਕੀਤੇ ਗਏ ਹਨ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਜੀਤ ਸਿੰਘ ਉਰਫ਼ ਗੋਲੂ (19) ਵਾਸੀ ਉੱਤਰ ਪ੍ਰਦੇਸ਼ ਜ਼ਿਲ੍ਹਾ ਉਨਾਓ, ਜੋ ਇਸ ਵੇਲੇ ਅੰਮ੍ਰਿਤਸਰ ਦੇ ਕੋਟ ਹਰਨਾਮ ਦਾਸ ਵਿਖੇ ਰਹਿ ਰਿਹਾ ਸੀ ਅਤੇ ਮਨਦੀਪ ਕੁਮਾਰ ਉਰਫ਼ ਵਾੜਾ (20) ਵਾਸੀ ਪਿੰਡ ਖਾਪਰਖੇੜੀ, ਅੰਮ੍ਰਿਤਸਰ ਦਿਹਾਤੀ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਹਥਿਆਰਾਂ ਵਿੱਚ 9 ਡਬਲ ਬੈਰਲ ਗੰਨਸ, ਤਿੰਨ ਪੰਪ ਐਕਸ਼ਨ



(ਐਸਬੀਬੀਐਲ) ਗੰਨਸ ਅਤੇ ਇਕ ਕਿਰਚ (ਤੇਜ ਹਥਿਆਰ) ਸ਼ਾਮਲ ਹੈ। ਜਾਣਕਾਰੀ ਅਨੁਸਾਰ 21 ਅਤੇ 22 ਫਰਵਰੀ ਦੀ ਦਰਮਿਆਨੀ ਰਾਤ ਨੂੰ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਅੰਮ੍ਰਿਤਸਰ ਸਥਿਤ ਰਾਇਲ ਗੰਨ ਹਾਊਸ ਤੋਂ ਹਥਿਆਰਾਂ ਸਮੇਤ ਗੋਲਾ-ਸਿੱਕਾ ਅਤੇ ਕੁਝ ਨਕਦੀ ਚੋਰੀ ਕੀਤੀ ਗਈ ਸੀ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਅੰਮ੍ਰਿਤਸਰ ਕਮਿਸ਼ਨਰੇਟ ਦੇ ਸੀਆਈਏ ਸਟਾਫ਼ - 1 ਅਤੇ 2 ਦੀਆਂ ਘੱਟੋ-ਘੱਟ 10 ਟੀਮਾਂ ਬਣਾਈਆਂ ਗਈਆਂ ਸਨ, ਜਿਨ੍ਹਾਂ ਨੇ ਤਕਨੀਕੀ ਅਤੇ ਵਿਗਿਆਨਕ ਢੰਗ ਨਾਲ ਜਾਂਚ ਕੀਤੀ ਅਤੇ ਪੰਜ ਸੂਬਿਆਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ 1000 ਤੋਂ ਕਿਲੋਮੀਟਰ ਵੱਧ ਪਿੱਛਾ ਕਰਕੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸੀਪੀ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਡੀਸੀਪੀ ਸਿਟੀ ਡਾ. ਪ੍ਰਗਿਆ ਜੈਨ ਅਤੇ ਡੀਸੀਪੀ ਡਿਟੈਕਟਿਵ ਹਰਪ੍ਰੀਤ ਸਿੰਘ ਮੰਡੇਰ ਦੀ ਅਗਵਾਈ ਵਿੱਚ ਏਡੀਸੀਪੀ ਸਿਟੀ-2 ਪ੍ਰਭਜੋਤ ਸਿੰਘ ਵਿਰਕ ਅਤੇ ਏਡੀਸੀਪੀ ਡਿਟੈਕਟਿਵ ਨਵਜੋਤ ਸਿੰਘ ਅਧੀਨ ਪੁਲਿਸ ਟੀਮਾਂ ਨੇ ਇਸ ਗੁੰਝਲਦਾਰ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਅਤੇ ਦੋਸ਼ੀ ਵਿਅਕਤੀਆਂ ਦਾ ਪਿੱਛਾ ਕੀਤਾ, ਜੋ ਗ੍ਰਿਫ਼ਤਾਰੀ ਦੇ ਡਰ ਤੋਂ ਵਾਰਦਾਤ ਵਾਲੇ ਦਿਨ ਪੰਜਾਬ ਤੋਂ ਭੱਜ ਗਏ ਅਤੇ ਅੰਮ੍ਰਿਤਸਰ ਵਾਪਸ ਜਾਣ ਤੋਂ ਪਹਿਲਾਂ ਚੰਡੀਗੜ੍ਹ, ਪਾਣੀਪਤ, ਦਿੱਲੀ, ਆਗਰਾ, ਅਯੁੱਧਿਆ ਅਤੇ ਹਰਿਆਣਾ/ਯੂ.ਪੀ. ਗਏ।

ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੁਲਜ਼ਮਾਂ ਨੇ ਸਬਜੀ ਮੰਡੀ ਵੱਲਾ, ਰੇਲਵੇ ਟਰੈਕ ਨੇੜੇ ਟੋਆ ਪੁੱਟ ਕੇ ਹਥਿਆਰ ਤੇ ਗੋਲਾ ਸਿੱਕਾ ਸੁਰੱਖਿਅਤ ਢੰਗ ਨਾਲ ਛੁਪਾ ਦਿੱਤਾ ਸੀ।

ਸੀਪੀ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਮੁਲਜ਼ਮ ਅਜੀਤ ਕੁਮਾਰ ਉਰਫ ਗੋਲੂ ਨੇ ਅਕਤੂਬਰ 2023 ਵਿੱਚ ਆਪਣੇ ਸਾਥੀਆਂ ਨਾਲ ਮਿਲ ਕੇ ਥਾਣਾ ਬੀ ਡਵੀਜ਼ਨ ਅੰਮ੍ਰਿਤਸਰ ਦੇ ਖੇਤਰ ਵਿੱਚੋਂ 4.2 ਕਿਲੋ ਸੋਨਾ ਚੋਰੀ ਕੀਤਾ ਸੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ। ਇਸ ਸਬੰਧੀ ਐਫਆਈਆਰ ਨੰਬਰ 25 ਮਿਤੀ 22-2-2024 ਨੂੰ ਥਾਣਾ ਸਿਵਲ ਲਾਈਨ, ਅੰਮ੍ਰਿਤਸਰ ਵਿਖੇ ਭਾਰਤੀ ਦੰਡਾਵਲੀ ਦੀ ਧਾਰਾ 457 ਅਤੇ 380 ਤਹਿਤ ਮਾਮਲਾ ਦਰਜ ਕੀਤਾ ਗਿਆ।

# ਐਂਟੀ ਅਨਹਾਂਸਮੈਂਟ ਕਮੇਟੀ ਦਾ ਵਫ਼ਦ ਕੁਲਵੰਤ ਸਿੰਘ ਦੀ ਅਗਵਾਈ 'ਚ ਮੁੱਖ ਸਕੱਤਰ ਨੂੰ ਮਿਲਿਆ

ਐਸ.ਏ.ਐਸ.ਨਗਰ, 06 ਮਾਰਚ (ਗਿਆਨ ਸਿੰਘ): ਐਂਟੀ-ਐਨਹਾਂਸਮੈਂਟ ਕਮੇਟੀ ਸੈਕਟਰ 7680 ਦਾ ਇੱਕ ਵਫ਼ਦ ਵਿਧਾਇਕ ਕੁਲਵੰਤ ਸਿੰਘ ਦੀ ਅਗਵਾਈ 'ਚ ਪੰਜਾਬ ਦੇ ਮੁੱਖ ਸਕੱਤਰ ਸ੍ਰੀ ਅਨੁਰਾਗ ਵਰਮਾ ਨੂੰ ਪੰਜਾਬ ਵਿਧਾਨ ਸਭਾ 'ਚ ਮਿਲਿਆ ਅਤੇ ਮੰਗ ਰੱਖੀ ਕਿ ਗਮਾਡਾ ਵੱਲੋਂ ਸੈਕਟਰ 76-80 ਮੋਹਾਲੀ ਦੇ ਅਲਾਟੀਆਂ ਉੱਤੇ ਪਾਇਆ ਜਾ ਰਿਹਾ ਕਰੋੜਾਂ ਦਾ ਵਿਆਜ ਤੁਰੰਤ ਵਾਪਿਸ ਲਿਆ ਜਾਵੇ।

ਵਫਦ, ਜਿਸ ਵਿੱਚ ਐਂਟੀ ਐਨਹਾਂਸਮੈਂਟ ਕਮੇਟੀ ਦੇ ਕਨਵੀਨਰ ਸੁਖਦੇਵ ਸਿੰਘ ਪਟਵਾਰੀ, ਜਨਰਲ ਸਕੱਤਰ ਜੀ.ਐਸ ਪਠਾਨੀਆਂ, ਜਾਇੰਟ ਸਕੱਤਰ ਜਰਨੈਲ ਸਿੰਘ, ਆਪ ਦੇ ਬਲਾਕ ਪ੍ਰਧਾਨ ਰਾਜੀਵ ਵਸ਼ਿਸ਼ਟ,



ਕੌਂਸਲਰ ਹਰਜੀਤ ਸਿੰਘ ਭੋਲੂ, ਮੈਡਮ ਚਰਨਜੀਤ ਕੌਰ ਸ਼ਾਮਲ ਸਨ, ਨੇ ਮਿਲ ਕੇ ਮੰਗ ਕੀਤੀ ਕਿ ਸਾਲ 2001 ਵਿੱਚ ਗਮਾਡਾ ਨੇ ਇਹ ਪਲਾਟ ਕੱਢੇ ਸਨ ਜੋ 2008, 2014 'ਚ ਲੋਕਾਂ ਨੂੰ ਦਿੱਤੇ ਗਏ ਅਤੇ ਕੁਝ ਅਜੇ ਵੀ ਅਲਾਟ ਨਹੀਂ ਕੀਤੇ ਗਏ। ਉਨ੍ਹਾਂ ਕਿਹਾ ਕਿ ਗਮਾਡਾ ਨੇ ਪਹਿਲੀ ਵਾਰ ਹੀ ਨੋਟਿਸ ਕੱਢਿਆ ਹੈ, ਜਿਸ ਵਿੱਚ ਲੋਕਾਂ ਉੱਪਰ 1650 ਰੁਪਏ ਪ੍ਰਤੀ ਵ. ਮੀਟਰ ਦਾ ਵਿਆਜ ਲਾ ਕੇ ਲੋਕਾਂ ਨੂੰ ਭਰਨ ਲਈ ਕਿਹਾ ਜਾ ਰਿਹਾ ਹੈ। ਵਫ਼ਦ ਨੇ ਮੁੱਖ ਸਕੱਤਰ ਨੂੰ ਦੱਸਿਆ ਕਿ ਇਸ ਖੇਤਰ ਵਿੱਚ ਬਹੁਤ ਸਾਰੀ ਕਮਰਸ਼ੀਅਲ ਜ਼ਮੀਨ ਅਜੇ ਵੇਚਣ ਵਾਲੀ ਪਈ ਹੈ ਜਿਸ ਦੀ ਕੀਮਤ ਰਿਹਾਇਸ਼ੀ ਪਲਾਟਾਂ ਤੋਂ ਦਸ ਗੁਣਾ ਮਹਿੰਗੀ ਹੈ ਅਤੇ ਕੁਝ ਜ਼ਮੀਨ ਇੰਨਾਂ ਸੈਕਟਰਾਂ ਤੋਂ ਬਾਹਰ ਦੀ ਵੀ ਇਹਨਾਂ ਸੈਕਟਰਾਂ 'ਚ ਗਿਣੀ ਗਈ ਹੈ। ਵਿਧਾਇਕ ਕੁਲਵੰਤ ਸਿੰਘ ਨੇ ਮੁੱਖ ਸਕੱਤਰ ਨੂੰ ਦੱਸਿਆ ਕਿ ਲੋਕਾਂ ਨੂੰ ਜਰੂਰ ਰਾਹਤ ਮਿਲਣੀ ਚਾਹੀਦੀ ਹੈ। ਵਿਧਾਇਕ ਅਨੁਸਾਰ ਮੁੱਖ ਸਕੱਤਰ ਨੇ ਗੱਲਬਾਤ ਸੁਣਨ ਤੋਂ ਬਾਅਦ ਸੀ.ਏ. ਗਮਾਡਾ ਨਾਲ ਜਲਦੀ ਹੀ ਮੀਟਿੰਗ ਕਰਵਾ ਕੇ ਮਸਲਾ ਏਜੰਡੇ ਦੇ ਰੂਪ 'ਚ ਅਥਾਰਿਟੀ ਦੀ ਮੀਟਿੰਗ ਵਿੱਚ ਪਾਉਣ ਦਾ ਭਰੋਸਾ ਦਿੱਤਾ। ਵਫਦ ਨੇ ਵਿਧਾਇਕ ਸ. ਕੁਲ-ਵੰਤ ਸਿੰਘ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਉਨ੍ਹਾਂ ਦੀ ਮੁਸ਼ਕਿਲ ਨੂੰ ਸਹੀ ਢੰਗ ਨਾਲ ਮੁੱਖ ਸਕੱਤਰ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕੀਤੀ।



# ਲੋਕ ਸਭਾ ਚੋਣਾਂ 2024 ਖਰਚਾ ਮੋਨੀਟਰਿੰਗ ਸਬੰਧੀ ਦਿੱਤੀ ਗਈ ਟ੍ਰੇਨਿੰਗ : ਰਿਟਰਨਿੰਗ ਅਫਸਰ ਫਰੀਦਕੋਟ

ਫ਼ਰੀਦਕੋਟ, 6 ਮਾਰਚ (ਪੋਸਟ ਬਿਊਰੋ):ਰਿਟਰਨਿੰਗ ਅਫਸਰ-ਕਮ-ਡਿਪਟੀ ਕਮਿਸ਼ਨਰ ਫਰੀਦਕੋਟ ਵਿਨੀਤ ਕੁਮਾਰ ਦੀ ਅਗਵਾਈ ਹੇਠ ਲੋਕ ਸਭਾ ਚੋਣ ਹਲਕਾ ਫਰੀਦਕੋਟ ਵਿਚ ਪੈਂਦੇ ਜਿਲ੍ਹਾ ਫਰੀਦਕੋਟ ਅਤੇ ਮੋਗਾ ਦੇ ਸਮੂਹ ਵਿਧਾਨ ਸਭਾ ਚੋਣ ਹਲਕਾ ਅਤੇ ਗਿੱਦੜਬਾਹਾ, ਰਾਮਪੁਰਾ ਚੋਣ ਹਲਕਾ ਦੇ ਸਮੂਹ ਸਹਾਇਕ ਰਿਟਰਨਿੰਗ ਅਫਸਰਾਂ, ਖਰਚਾ ਟੀਮਾਂ, ਐਫਐਸਟੀ, ਐਸਐਸਟੀ, ਵੀਐਸਟੀ, ਵੀਵੀਟੀ ਦੀ ਟ੍ਰੇਨਿੰਗ ਕਰਵਾਈ ਗਈ।

ਇਸ ਟ੍ਰੇਨਿੰਗ ਵਿਚ ਏ.ਐਫ.ਐਸ.ਓ ਸ਼੍ਰੀ ਸੁਮੀਤ ਸ਼ਰਮਾ ਫਰੀਦਕੋਟ ਵੱਲੋਂ ਸਮੂਹ ਖਰਚਾ ਟੀਮਾਂ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ। ਉਨ੍ਹਾਂ ਵੱਲੋਂ ਸਮੂਹ ਸਹਾਇਕ ਖਰਚਾ ਅਬਜਰਵਰਾਂ ਨੂੰ ਸਮੇਂ ਸਮੇਂ ਸਿਰ ਭੇਜੀਆਂ ਜਾਣ ਵਾਲੀਆਂ ਰਿਪੋਰਟਾਂ ਬਾਰੇ ਵੀ ਜਾਣਕਾਰੀ ਦਿੱਤੀ ।




ਰਿਟਰਨਿੰਗ ਅਫਸਰ-ਕਮ-ਡਿਪਟੀ ਕਮਿਸ਼ਨਰ ਫਰੀਦਕੋਟ ਵਿਨੀਤ ਕੁਮਾਰ ਵੱਲੋਂ ਸਮੂਹ ਸਹਾਇਕ ਰਿਟਰਨਿੰਗ ਅਫਸਰਾਂ ਅਤੇ ਸਮੂਹ ਨੋਡਲ ਅਫਸਰਾਂ ਨੂੰ ਹਦਾਇਤਾਂ ਅਨੁਸਾਰ ਕੰਮ ਕਰਨ ਦੇ ਨਿਰਦੇਸ਼ ਜਾਰੀ ਕੀਤੇ ਗਏ। ਡਿਪਟੀ ਕਮਿਸ਼ਨਰ ਵੱਲੋਂ ਦੱਸਿਆ ਗਿਆ ਕਿ ਲੋਕ ਸਭਾ ਚੋਣ ਹਲਕਾ ਫਰੀਦਕੋਟ ਦੀਆਂ ਸਮੂਹ ਖਰਚਾ ਟੀਮਾਂ ਨੂੰ ਹਦਾਇਤਾਂ ਤੋਂ ਜਾਣੂੰ ਕਰਵਾ ਦਿੱਤਾ ਗਿਆ ਹੇ ਅਤੇ ਇਸ ਸਬੰਧੀ ਸਾਰੀ ਮੁੱਢਲੀ ਜਾਣਕਾਰੀ ਪੀ.ਪੀ.ਟੀ ਰਾਹੀਂ ਦੇ ਦਿੱਤੀ ਗਈ। ਇਸ ਸਮੂਹ ਵਿਧਾਨ ਸਭਾ ਹਲਕਿਆਂ ਦੇ ਸਹਾਇਕ ਰਿਟਰਨਿੰਗ ਅਫਸਰ ਅਤੇ ਨੋਡਲ ਅਫਸਰ ਹਾਜਰ ਸਨ।



Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

URGENTLY NEED NEW LISTINGS IN BRAMPTON/CALEDON



visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED IN YOUR NEIGHBOURHOOD

Sandalwood & Sunny Meadow Blvd
ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿੰਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।



James Potter/Queen/Bonnie Brae
ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।



Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017